ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit punjabipost.ca/epaper | Vol 20* Issue 199 | Monday, October 11, 2021 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

## ਡਾਕਾ ਮਾਰਨ ਦੇ ਦੋਸ਼ ਵਿਚ ਪੰਜਾਬੀ ਮੂਲ ਦੇ ਤਿੰਨ ਵਿਅਕਤੀ ਗ੍ਰਿਫਤਾਰ, ਇੱਕ ਫਰਾਰ

ਬਰੈਂਪਟਨ, 10 ਅਕਤੂਬਰ (ਪੋਸਟ ਬਿਊਰੋ) : ਸ਼ਨਿੱਚਰਵਾਰ ਨੂੰ ਬਰੈਂਪਟਨ ਵਿੱਚ ਇੱਕ ਹਥਿਆਰਬੰਦ ਡਾਕੇ ਤੋਂ ਬਾਅਦ ਪੀਲ ਪੁਲਿਸ ਵੱਲੋਂ ਪੰਜਾਬੀ ਮੂਲ ਦੇ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਚੌਥੇ ਦੀ ਭਾਲ ਕੀਤੀ ਜਾ ਰਹੀ ਹੈ।

ਪੁਲਿਸ ਦਾ ਕਹਿਣਾ ਹੈ ਕਿ ਰਾਤੀਂ 8:00 ਵਜੇ ਦੇ ਨੇੜੇ ਤੇੜੇ ਵਿਲੀਅਮਸ ਪਾਰਕਵੇਅ ਤੇ ਐਲਬਰਨ ਮਾਰਕਲ ਡਰਾਈਵ ਏਰੀਆ ਵਿੱਚ ਇੱਕ ਗੱਡੀ ਨੂੰ ਇੱਕ ਐਸਯੂਵੀ ਵੱਲੋਂ ਜਾਣਬੁੱਝ ਕੇ ਪਿੱਛਿਓਂ ਟੱਕਰ ਮਾਰੀ ਗਈ। ਆਪਣੀ ਜਾਨ ਬਚਾਉਣ ਲਈ ਗੱਡੀ ਵਿੱਚ ਸਵਾਰ ਲੋਕ ਉੱਥੋਂ ਭੱਜ ਨਿਕਲੇ ਤੇ ਇੱਕ ਘਰ ਵਿੱਚ ਜਾ ਪਹੁੰਚੇ। ਪਰ ਚਾਰ ਮਸ਼ਕੂਕਾਂ ਵੱਲੋਂ ਉਨ੍ਹਾਂ ਦਾ ਪਿੱਛਾ ਕੀਤਾ ਗਿਆ। ਮਸ਼ਕੂਕਾਂ ਨੇ ਹਥਿਆਰ ਵਿਖਾ ਕੇ ਉਨ੍ਹਾਂ ਵਿਅਕਤੀਆਂ ਦੀ ਗੱਡੀ ਤੇ ਉਨ੍ਹਾਂ ਦੇ ਇਲੈਕਟ੍ਰੌਨਿਕਸ ਲੁੱਟ ਲਏ।

ਜਾਂਚ ਤੋਂ ਬਾਅਦ ਪੁਲਿਸ ਨੂੰ ਲੁੱਟੀ ਗਈ ਗੱਡੀ ਤੇ ਮਸ਼ਕੂਕਾਂ ਵੱਲੋਂ ਇਸ ਕਾਰੇ ਨੂੰ ਅੰਜਾਮ ਦੇਣ ਲਈ ਵਰਤੀ ਗਈ ਗੱਡੀ ਦਾ ਪਤਾ ਲਾ ਲਿਆ ਗਿਆ। ਜਾਂਚ ਤੋਂ ਹੀ ਪੁਲਿਸ ਨੂੰ ਮਸ਼ਕੂਕਾਂ ਵੱਲੋਂ ਵਰਤੀ ਗੱਡੀ ਚੋਰੀ ਦੀ ਹੋਣ ਦਾ ਪਤਾ ਲੱਗਿਆ। ਇਹ ਵੀ ਪਤਾ ਲੱਗਿਆ ਕਿ ਇਹ ਗੱਡੀ ਟੋਰਾਂਟੋ ਦੀ ਸੀ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਐਸਯੂਵੀ ਚਲਾ ਰਹੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਬਾਅਦ ਵਿੱਚ ਤੀਜੇ ਵਿਅਕਤੀ ਨੂੰ ਵੀ ਬਰੈਂਪਟਨ ਵਿੱਚ ਗ੍ਰਿਫਤਾਰ ਕਰ ਲਿਆ ਗਿਆ।

ਪੁਲਿਸ ਨੇ ਦੱਸਿਆ ਕਿ ਡਾਕਾ ਮਾਰਨ ਦੇ ਦੋਸ਼ ਵਿੱਚ 29 ਸਾਲਾ ਸਿਮਰਨਜੀਤ ਨਾਰੰਗ, 36 ਸਾਲਾ ਦਵਿੰਦਰ ਮਾਣ ਤੇ 27 ਸਾਲਾ ਆਦਿਸ਼ ਸ਼ਰਮਾ ਨੂੰ ਚਾਰਜ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮਾਣ ਨੂੰ ਚੋਰੀ ਦੀ ਸੰਪਤੀ ਰੱਖਣ, ਰਿਹਾਈ ਦੇ ਦੋ ਹੁਕਮਾਂ ਦੀ ਤਾਮੀਲ ਨਾ ਕਰਨ ਲਈ ਵੀ ਚਾਰਜ ਕੀਤਾ ਗਿਆ ਹੈ। ਸ਼ਰਮਾ ਨੂੰ ਵੀ ਚੋਰੀ ਦੀ ਸੰਪਤੀ ਦੇ ਦੋ ਮਾਮਲਿਆਂ ਦੇ ਸਬੰਧ ਵਿੱਚ ਚਾਰਜ ਕੀਤਾ ਗਿਆ ਹੈ।

ਪੁਲਿਸ ਨੇ ਆਖਿਆ ਕਿ ਉਹ ਚੌਥੇ ਮਸ਼ਕੂਕ ਦੀ ਭਾਲ ਕਰ ਰਹੇ ਹਨ ਤੇ ਉਸ ਨੂੰ ਆਤਮ ਸਮਰਪਣ ਕਰਨ ਲਈ ਵੀ ਆਖਿਆ ਜਾ ਰਿਹਾ ਹੈ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਚੋਰੀ ਕੀਤੇ ਗਏ ਇਲੈਕਟ੍ਰੌਨਿਕਸ ਨਹੀਂ ਮਿਲੇ, ਇਨ੍ਹਾਂ ਵਿੱਚ ਐਪਲ ਦੇ ਆਈਫੋਨ ਤੇ ਕੰਪਿਊਟਰਜ਼ ਸ਼ਾਮਲ ਹਨ।

## ਪਿੱਕਅੱਪ ਟਰੱਕਸ ਦੀ ਟੱਕਰ ਵਿੱਚ 2 ਹਲਾਕ, ਇੱਕ ਜ਼ਖ਼ਮੀ

ਓਨਟਾਰੀਓ, 10 ਅਕਤੂਬਰ (ਪੋਸਟ ਬਿਊਰੋ) : ਦੋ ਪਿੱਕਅੱਪ ਟਰੱਕਸ ਦਰਮਿਆਨ ਹੋਈ ਟੱਕਰ ਵਿੱਚ ਚੈਠਮ ਕੈਂਟ ਤੋਂ 26 ਸਾਲਾ ਵਿਅਕਤੀ ਤੇ ਏਲਮਰ, ਓਨਟਾਰੀਓ ਤੋਂ 29 ਸਾਲਾ ਵਿਅਕਤੀ ਦੀ ਮੌਤ ਹੋ ਗਈ। ਇਹ ਜਾਣਕਾਰੀ ਐਤਵਾਰ ਨੂੰ ਓਪੀਪੀ ਵੱਲੋਂ ਦਿੱਤੀ ਗਈ।

ਇਹ ਹਾਦਸਾ ਰਾਤੀਂ 9:00 ਵਜੇ ਤੋਂ ਠੀਕ ਬਾਅਦ ਸੇਂਟ ਥੌਮਸ, ਓਨਟਾਰੀਓ ਦੇ ਪੂਰਬ ਵੱਲ ਸਥਿਤ ਐਲਗਿਨ ਕਾਊਂਟੀ ਵਿੱਚ ਵਾਪਰਿਆ। ਪੁਲਿਸ ਨੇ ਦੱਸਿਆ ਕਿ ਦੋ ਪਿੱਕਅੱਪ ਟਰੱਕਸ ਰਿਚਮੰਡ ਰੋਡ ਉੱਤੇ ਉੱਤਰ ਵੱਲ ਜਾ ਰਹੇ ਸਨ ਜਦੋਂ ਇੱਕ ਖੱਡ ਵਿੱਚ ਜਾ ਡਿੱਗਿਆ ਤੇ ਕਈ ਵਾਰੀ ਪਲਟਿਆ। ਉਸ ਵਿੱਚ ਸਵਾਰ ਡਰਾਈਵਰ ਤੇ ਪਸੈਂਜਰ ਬਾਹਰ ਜਾ ਡਿੱਗੇ।

ਜਾਂਚਕਾਰਾਂ ਨੇ ਦੱਸਿਆ ਕਿ ਇੱਕ ਵਿਅਕਤੀ ਦੀ ਮੌਕੇ ਉੱਤੇ ਹੀ ਮੌਤ ਹੋ ਗਈ ਜਦਕਿ ਦੂਜੇ ਦੀ ਹਸਪਤਾਲ ਲਿਜਾਣ ਤੋਂ ਬਾਅਦ ਮੌਤ ਹੋਈ। ਇੱਕ ਹੋਰ ਵਿਅਕਤੀ ਜਿਹੜਾ ਇਸ ਟਰੱਕ ਵਿੱਚ ਸਵਾਰ ਸੀ, ਉਸ ਨੂੰ ਗੰਭੀਰ ਸੱਟਾਂ ਲੱਗੀਆਂ ਪਰ ਇਲਾਜ ਤੋਂ ਬਾਅਦ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਦੂਜੇ ਪਿੱਕਅੱਪ ਟਰੱਕ ਦੇ ਡਰਾਈਵਰ ਨੂੰ ਕੋਈ ਸੱਟ ਫੇਟ ਨਹੀਂ ਲੱਗੀ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮਾਲਾਹਾਈਡ ਟਾਊਨਸ਼ਿਪ, ਓਨਟਾਰੀਓ ਦੇ ਇੱਕ 26 ਸਾਲਾ ਵਿਅਕਤੀ ਨੂੰ ਚਾਰਜ ਕੀਤਾ ਗਿਆ ਹੈ। ਉਸ ਨੂੰ ਨਸ਼ਾ ਕਰਕੇ ਗੱਡੀ ਚਲਾਉਣ, ਦੋ ਵਿਅਕਤੀਆਂ ਦੀ ਜਾਨ ਲੈਣ ਦੇ ਦੋ ਮਾਮਲਿਆ, ਖਤਰਨਾਕ ਢੰਗ ਨਾਲ ਗੱਡੀ ਚਲਾਉਣ ਦੇ ਦੋ ਮਾਮਲਿਆਂ, ਹਾਦਸੇ ਤੋਂ ਬਾਅਦ ਮੌਕੇ ਉੱਤੇ ਨਾ ਰੁਕਣ ਦੇ ਦੋ ਮਾਮਲਿਆਂ ਲਈ ਚਾਰਜ ਕੀਤਾ ਗਿਆ ਹੈ।

Best Insurance Rates
Life * Auto * Home * Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Axael Insurance Brokers Ltd.
1550 South Gateway Rd. Suite 220 Mississauga, ON L4W 5G6

## ਟਰਾਂਸਪੋਰਟ ਮੰਤਰੀ ਰਾਜਾ ਵੜਿੰਗ ਨੇ ਨਿੱਜੀ ਟਰਾਂਸਪੋਰਟ ਕੰਪਨੀਆਂ ਨੂੰ ਭਾਜੜਾਂ ਪਾਈਆਂ

### *ਆਰ ਟੀ ਏ ਸੈਕਟਰੀ ਨੇ ਸ਼ਿਕੰਜ਼ਾ ਕੱਸਿਆ, ਅੱਧਾ ਦਰਜਨ ਬੱਸਾਂ ਹੋਰ ਬੰਦ

ਅੰਮ੍ਰਿਤਸਰ, 10 ਅਕਤੂਬਰ, (ਪੋਸਟ ਬਿਊਰੋ)- ਪੰਜਾਬ ਦੇ ਨਵੇਂ ਟਰਾਂਸਪੋਰਟ ਮੰਤਰੀ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂਟਰਾਂਸਪੋਰਟ ਮਾਫੀਆ ਦੇ ਖਿਲਾਫਚਲਾਈ ਹੋਈ ਮੁਹਿੰਮ ਦਾ ਸਖਤੀ ਨਾਲ ਪਾਲਣ ਕਰਦੇ ਹੋਏ ਨਵ-ਨਿਯੁਕਤ ਆਰ ਟੀ ਏ ਸੈਕਟਰੀ ਅੰਮ੍ਰਿਤਸਰ ਅਰਸ਼ਦੀਪ ਸਿੰਘ ਲੁਬਾਣਾ ਨੇ ਵੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਤੇ ਪੰਜਾਬ ਦੇ ਮਾਝਾ ਖੇਤਰ ਵਿਚ ਵੀ ਅੱਜ ਐਤਵਾਰ ਦੇ ਦਿਨ ਟਰਾਂਸਪੋਰਟ ਮਾਫੀਆ ਉੱਤੇ ਸ਼ਿਕੰਜ਼ਾ ਕੱਸਿਆ ਜਾਂਦਾ ਰਿਹਾ ਹੈ। ਅੱਜ ਅੰਮ੍ਰਿਤਸਰ ਵਿਚ ਵੱਖ-ਵੱਖ ਥਾਂਵਾਂ ਉੱਤੇਆਰ ਟੀ ਏ ਸੈਕਟਰੀ ਦੀਆਂ ਟੀਮਾਂ ਨੇ ਅੱਧਾ ਦਰਜਨ ਬੱਸਾਂ ਬੰਦ ਕਰ ਦਿੱਤੀਆਂ ਅਤੇ ਕੁਝ ਟੈਕਸ ਡਿਫਾਲਟਰ ਜਾਂ ਨਾਜਾਇਜ਼ ਤੌਰ ਉੱਤੇ ਚਲਾਈਆਂ ਜਾਂਦੀਆਂਬੱਸਾਂ ਦੇ ਚਲਾਨ ਕੱਟੇ।

...ਬਾਕੀ ਪੰਨਾ 5 'ਤੇ

## ਡੰਡਸ ਸਟਰੀਟ ਨੇੜੇ ਦੋ ਵਿਅਕਤੀਆਂ ਨੂੰ ਮਾਰੀ ਗਈ ਗੋਲੀ




ਟੋਰਾਂਟੋ, 10 ਅਕਤੂਬਰ (ਪੋਸਟ ਬਿਊਰੋ) : ਸਪੈਡਿਨਾ ਐਵਨਿਊ ਤੇ ਡੰਡਸ ਸਟਰੀਟ ਵੈਸਟ ਨੇੜੇ ਦੋ ਵਿਅਕਤੀਆਂ ਨੂੰ ਗੋਲੀ ਮਾਰੇ ਜਾਣ ਦੇ ਮਾਮਲੇ ਦੀ ਟੋਰਾਂਟੋ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਐਤਵਾਰ ਸ਼ਾਮ ਨੂੰ ਗੋਲੀ ਚੱਲਣ ਦੀ ਇਹ ਰਿਪੋਰਟ ਲਿਖਾ ਕੇ ਵੈਨਾਅਲੇ ਵਾਕ ਤੇ ਨਾਪਾਨੀ ਕੋਰਟ ਏਰੀਆ ਵਿੱਚ ਸੱਦਿਆ ਗਿਆ। ਮੌਕੇ ਉੱਤੇ ਪਹੁੰਚੇ ਪੁਲਿਸ ਅਧਿਕਾਰੀਆਂ ਨੂੰ ਇੱਕ ਪੁਰਸ਼ ਤੇ ਇੱਕ ਮਹਿਲਾ ਗੰਭੀਰ ਜ਼ਖ਼ਮੀ ਹਾਲਤ ਵਿੱਚ ਮਿਲੇ। ਉਨ੍ਹਾਂ ਦੋਵਾਂ ਨੂੰ ਗੋਲੀ ਲੱਗੀ ਸੀ। ਪੁਲਿਸ ਨੇ ਦੱਸਿਆ ਕਿ ਦੋਵਾਂ ਨੂੰ ਹਸਪਤਾਲ ਲਿਜਾਇਆ ਗਿਆ।

ਹਾਲ ਦੀ ਘੜੀ ਪੁਲਿਸ ਵੱਲੋਂ ਕੋਈ ਹੋਰ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ ਹੈ।

NOW HIRING !!!
ALLKIND INSURANCE
Life Insurance · Critical illness Ins · Travel & Visitor Ins · RESP & TFSA & RRSP
Super Visa Insurance · Mortgage Insurance · Disability Insurance · Funeral Insurance
SIMRAN SAINI 416.994.7272
www.allkindinsurance.com

INSURANCE
Home · Auto · Business · Trucking · Life Insurance · Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

Locations: Woodbridge, Mississauga, Scarborough
YES! Immigration Yes we can...
Celebrating 16 Years
16 ਸਾਲਾਂ ਤੋਂ ਤੁਹਾਡੀ ਸੇਵਾ ਵਿਚ
ਇੰਮੀਗਰੇਸ਼ਨ ਸੇਵਾਵਾਂ 10-20% Discount
Raj Narang, Ritu Narang
ਕੈਨੇਡਾ ਦੇ ਵੀਜ਼ਾ ਵਾਸਤੇ ਅੱਜ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
Punjab Insurance Inc
Super Visa Monthly plans available
7003 Steeles Ave. W, Unit 10 Etobicoke, ON, M9W 0A2
gill@punjabinsurance.ca
416-724-5000
RANJIT GILL Insurance Advisor
Disability Insurance · Mortgage Insurance · Life Insurance · Visitor Insurance · Travel Insurance · RESP(Education Plan) · Critical Illness Insurance

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

AUTO & HOME INSURANCE
Super visa Insurance · Life & Disability · Critical illness · RESP · Visitor & Travel insurance
(416-845-1352) Manwinder Mangat
Axael InsuranceBrokers Ltd. 1332 Khalsa Dr, Unit # 11, Mississauga, ON L5S 0A2

Dubai Jewellers
ਨਵੇਂ ਬਣੇ ਪਲਾਜ਼ਾ ਦੇ ਵਿਚ
2700 Northpark Drive Unit #19, Brampton Ontario L6S 0E9
North Park & Airport Major Intersection
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
Raj & Gulshan Mob: 416-465-1200
www.dubaijewellers.ca
info@dubaijewellers.ca

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

PEST PROBLEM ? Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE 647.990.3205
KSG Pest Control Inc. Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
Real Estate · Commercial Lease · Business Purchase & Sale · Notarizations & Affidavits · Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

KELLEY LAW OFFICE
Immigration · Family Law · Corporate · Real Estate · Business Closing · Wills & Estate · Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley 905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc. Advice you can bank on. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392


ਵਰਕਰਾਂ ਦੀ ਲੋੜ
ਘਾਹ ਕੱਟਣ ਲਈ ਅਤੇ ਕੰਸਟ੍ਰਕਸ਼ਨ ਦੇ ਫੁੱਲ ਟਾਈਮ ਕੰਮ ਲਈ ਜਨਰਲ ਲੇਬਰ ਦੀ ਲੋੜ ਹੈ। ਕੰਮ ਉਤੇ ਲੈ ਕੇ ਆਉਣ ਅਤੇ ਲਿਜਾਣ ਦੀ ਸੁਵਿਧਾ। ਬਿਨੈਕਾਰ ਸਰੀਰਕ ਤੌਰ ਉਤੇ ਫਿਟ ਅਤੇ 50 ਐਲ.ਬੀ.ਐਸ. ਵਜ਼ਨ ਚੁੱਕਣ ਦੇ ਯੋਗ ਹੋਣਾ ਚਾਹੀਦਾ ਹੈ।
ਸੰਪਰਕ ਅਮਿਤ: 647-784-1213

Royal Pest Control
Residential · Commercial · Industrial
Specialist in Bedbugs Service
All Pest Control :
Mouse & Rats · Spiders & Fleas · Bedbugs · Wasps · Cockroaches · Carpenter Ants · Silver Fish · Racoons
Call : PARESH PATEL
416 938 4598

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law · Business Law · Wills & Estates · Family Law · Power of Attorney · Civil Litigation · Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


NOW
HIRING
U.S. CROSS BORDER
SINGLES & TEAMS
AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED
Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK,
TEXT & DATA PLAN
4.5GB
$40/mo.
chatr
AUTHORIZED DEALER
379 Main St. North, Brampton | 905-451-0379
2456 Lake shore Blvd West, Etobicoke | 416-259-3654
Offer subject to change without notice. Get 4.5GB at 3G speed. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2021

# ਭਾਰਤ ਵਿੱਚ ਕੋਲਾ ਸਪਲਾਈ ਦੀ ਘਾਟ ਕਾਰਨ ਬਲੈਕਆਊਟ ਦਾ ਖ਼ਤਰਾ

## * ਕੋਲਾ ਮੰਤਰਾਲਾ ਨੇ ਸਥਿਤੀ ਸਪੱਸ਼ਟ ਕਰ ਕੇ ਪੱਲਾ ਝਾੜਿਆ

ਨਵੀਂ ਦਿੱਲੀ, 10 ਅਕਤੂਬਰ, (ਪੋਸਟ ਬਿਊਰੋ)- ਭਾਰਤ ਸਰਕਾਰ ਦੇ ਕੋਲਾ ਮੰਤਰਾਲੇ ਨੇ ਅੱਜ ਐਤਵਾਰ ਸਪੱਸ਼ਟ ਕੀਤਾ ਹੈ ਕਿ ਬਿਜਲੀ ਪਲਾਂਟਾਂ ਦੀ ਲੋੜ ਪੂਰੀ ਕਰਨ ਲਈ ਦੇਸ਼ ਵਿਚ ਕੋਲੇ ਦਾ ਪੂਰਾ ਭੰਡਾਰ ਹੈ। ਮੰਤਰਾਲੇ ਨੇ ਕੋਲੇ ਦੀ ਘਾਟ ਹੇਠ ਬਿਜਲੀ ਸਪਲਾਈ ਵਿੱਚ ਰੁਕਾਵਟ ਦੇ ਸ਼ੱਕ ਨੂੰ ਬੇਬੁਨਿਆਦ ਦੱਸਿਆ ਹੈ।

ਵਰਨਣ ਯੋਗ ਹੈ ਕਿ ਦੇਸ਼ ਵਿੱਚ ਇਹ ਖ਼ਬਰਾਂ ਸਨ ਕਿ ਕੋਲੇ ਦੀ ਘਾਟ ਨਾਲ ਭਾਰਤ ਵਿੱਚ ਬਿਜਲੀ ਦਾ ਸੰਕਟ ਪੈਦਾ ਹੋ ਕੇ ਬਲੈਕਆਊਟ ਹੋ ਸਕਦਾ ਹੈ। ਇਸ ਪਿੱਛੋਂ ਮੰਤਰਾਲੇ ਨੇਭਰੋਸਾ ਦਿੱਤਾ ਹੈ ਕਿ ਬਿਜਲੀ ਪਲਾਂਟਾਂ ਦੀ ਲੋੜ ਪੂਰੀ ਕਰਨ ਲਈ ਦੇਸ਼ ਵਿਚ ਕੋਲੇ ਦਾ ਯੋਗ ਭੰਡਾਰ ਹੈ ਅਤੇ ਇਸ ਕਾਰਨ ਬਿਜਲੀ ਸੰਕਟ ਦਾਸ਼ੱਕ ਪੂਰੀ ਤਰ੍ਹਾਂ ਗਲਤ ਹੈ। ਕੋਲਾ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਟਵੀਟ ਕਰ ਕੇ ਕਿਹਾ ਕਿ ਦੇਸ਼ ਵਿਚ ਕੋਲੇ ਦੇ ਉਤਪਾਦਨ ਤੇ ਸਪਲਾਈ ਦੀ



ਸਥਿਤੀ ਦੀ ਘੋਖਪਿੱਛੋਂ ਮੈਂ ਸਭ ਨੂੰ ਭਰੋਸਾ ਦੇਂਦਾ ਹਾਂ ਕਿ ਬਿਜਲੀ ਸਪਲਾਈਦੀ ਰੁਕਾਵਟ ਦਾ ਕੋਈ ਡਰ ਨਹੀਂ, ਕੋਲ ਇੰਡੀਆ ਹੈੱਡਕੁਆਰਟਰ ਉੱਤੇ 4.3 ਕਰੋੜ ਟਨ ਕੋਲੇ ਦਾ ਭੰਡਾਰ ਹੈ, ਜਿਹੜਾ 24 ਦਿਨ ਦੀ ਕੋਲੇ ਦੀ ਮੰਗ ਬਰਾਬਰ ਹੈ। ਉਨ੍ਹਾਂ ਇਹ ਸਪੱਸ਼ਟ ਕੀਤਾ ਹੈ ਕਿ ਬਿਜਲੀ ਪਲਾਂਟਾਂ ਕੋਲ ਕਰੀਬ 72 ਲੱਖ ਟਨ ਦਾ ਕੋਲਾ ਭੰਡਾਰ ਹੈ, ਜਿਹੜਾ 4 ਦਿਨਾਂ ਲਈ ਕਾਫੀ ਹੈ ਤੇ ਕੋਲ ਇੰਡੀਆ ਕੋਲ 400 ਲੱਖ ਟਨ ਭੰਡਾਰ ਹੈ, ਜਿਸ ਦੀ ਸਪਲਾਈ ਬਿਜਲੀ ਪਲਾਂਟਾਂ ਨੂੰ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਭਾਰਤ ਵਿੱਚ ਕੋਲੇ ਨਾਲ ਬਣਦੀ ਬਿਜਲੀ ਦਾ ਉਤਪਾਦਨ ਇਸ ਸਾਲ ਸਤੰਬਰ ਤਕ 24 ਫ਼ੀਸਦੀ ਵਧਿਆ ਹੈ।

# ਨਿਰਾਸ਼ਾ ਵਿੱਚ ਡੁੱਬੇ ਹੋਏ ਰਾਮ ਰਹੀਮ ਨੇ ਮਾਂ ਅਤੇ ਹਨੀਪ੍ਰੀਤ ਨੂੰ ਮਿਲਣ ਦੀ ਇੱਛਾ ਜਤਾਈ

## * ਖਾਣਾ-ਪੀਣਾ ਵੀ ਛੱਡ ਦੇਣ ਦੀ ਖਬਰ ਫੈਲੀ

ਰੋਹਤਕ, 10 ਅਕਤੂਬਰ, (ਪੋਸਟ ਬਿਊਰੋ)-ਡੇਰਾ ਸੱਚਾ ਸੌਦਾ ਸਿਰਸਾ ਦਾ ਮੁਖੀ ਰਾਮ ਰਹੀਮਕਤਲ ਦੇਇੱਕ ਹੋਰਕੇਸ ਵਿਚ ਦੋਸ਼ੀ ਠਹਿਰਾਏ ਜਾਣ ਨਾਲ ਬੁਰੀ ਤਰ੍ਹਾਂ ਨਿਰਾਸ਼ ਹੈ ਅਤੇ ਉਹ ਦੋ ਦਿਨਾਂ ਤੋਂ ਠੀਕ ਤਰ੍ਹਾਂ ਖਾਣਾ ਵੀ ਨਹੀਂ ਖਾ ਰਿਹਾ।ਸੈਕਸ ਸ਼ੋਸ਼ਣ ਦੇ ਦੋ ਕੇਸਾਂ ਤੇ ਪੱਤਰਕਾਰ ਛਤਰਪਤੀ ਕਤਲ ਕੇਸ ਵਿੱਚ ਹਰਿਆਣਾ ਦੇ ਰੋਹਤਕ ਜ਼ਿਲੇ ਦੀ ਸੁਨਾਰੀਆ ਜੇਲ੍ਹ ਵਿਚ 20 ਸਾਲ ਦੀ ਸਜ਼ਾਤੇ ਉਮਰ ਕੈਦ ਕੱਟ ਰਹੇ ਡੇਰਾ ਮੁਖੀ ਨੂੰ ਬੀਤੇ ਹਫਤੇ ਉਸ ਦੇ ਆਪਣੇ ਡੇਰੇ ਦੇ ਸਾਬਕਾ ਮੈਨੇਜਰ ਰਣਜੀਤ ਸਿੰਘ ਦੇ ਕਤਲ ਕੇਸ ਵਿੱਚ ਵੀ ਅਦਾਲਤ ਨੇ ਦੋਸ਼ੀ ਕਰਾਰ ਦੇਦਿੱਤਾ ਹੈ।



ਜਾਣਕਾਰ ਸੂਤਰਾਂ ਅਨੁਸਾਰ ਡੇਰਾ ਮੈਨੇਜਰ ਰਣਜੀਤ ਸਿੰਘ ਦੇ ਕਤਲ ਕੇਸ ਵਿੱਚ ਸਜ਼ਾਵਾਲਾ ਫੈਸਲਾ ਆਉਣ ਤੋਂ ਪਹਿਲਾਂ ਡੇਰਾ ਮੁਖੀ ਰਾਮ ਰਹੀਮ ਸਿੰਘ ਨੇ ਆਪਣੀ ਮਾਂ ਅਤੇ 'ਮੂੰਹ ਬੋਲੀ ਧੀ' ਹਨੀਪ੍ਰੀਤ ਕੌਰ ਨੂੰ ਮਿਲਣ ਦੀ ਇੱਛਾ ਪ੍ਰਗਟ ਕੀਤੀ ਹੈ, ਪਰ ਜੇਲ੍ਹ ਪ੍ਰਸ਼ਾਸਨ ਨੇ ਇਸ ਤੋਂ ਨਾਂਹ ਕਰ ਦਿੱਤੀ ਹੈ। ਸਜ਼ਾਦੇ ਫੈਸਲੇ ਦੀ ਸੰਭਾਵਨਾ ਕਾਰਨ ਇਸ ਜ਼ਿਲੇ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਜਾ ਰਹੇ ਹਨ ਤੇ ਵੱਖ-ਵੱਖ ਥਾਈਂ ਨਾਕਾਬੰਦੀ ਵਧਾ ਦਿੱਤੀ ਗਈ ਹੈ।

ਵਰਨਣ ਯੋਗ ਹੈ ਕਿ ਰਣਜੀਤ ਸਿੰਘ ਕਤਲ ਕੇਸ ਵਿੱਚ ਸੀਬੀਆਈ ਅਦਾਲਤ ਨੇ ਡੇਰਾ ਸੱਚਾ ਸੌਦਾ ਸਿਰਸਾ ਦੇ ਮੁਖੀ ਰਾਮ ਰਹੀਮ ਦੇ ਨਾਲਸੁਨਾਰੀਆ ਜੇਲ੍ਹ ਵਿੱਚ ਬੰਦ ਰਾਮ ਰਹੀਮ ਦੇ ਨਾਲ ਪੰਜ ਹੋਰਨਾਂ ਨੂੰ ਵੀ ਦੋਸ਼ੀ ਕਰਾਰ ਦਿੱਤਾ ਹੈ ਅਤੇ ਸੀਬੀਆਈ ਦੀ ਵਿਸ਼ੇਸ਼ ਅਦਾਲਤ 12 ਅਕਤੂਬਰ ਨੂੰ ਇਨ੍ਹਾਂ ਸਾਰਿਆਂ ਲਈ ਸਜ਼ਾ ਦਾ ਐਲਾਨ ਕਰੇਗੀ।


REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Towing Service Car Paint Starts $799*upto 100% Deductible Paid*
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

ਬੇਸਮੈਂਟਸ ਕਿਰਾਏ ਲਈ ਖਾਲੀ
ਗੋਰ ਰੋਡ ਅਤੇ ਕੰਟਰੀਸਾਈਡ ਦੇ ਏਰੀਏ ਵਿਚ ਇਕ ਬੇਸਮੈਂਟ ਦੋ ਬੈਡਰੂਮ ਦੀ ਅਤੇ ਇਕ ਬੇਸਮੈਂਟ ਇਕ ਬੈਡਰੂਮ ਦੀ ਕਰਾਏ ਲਈ ਖਾਲੀ ਹੈ। ਸੈਪਰੇਟ ਕਿਚਨ ਸੈਪਰੇਟ ਫੁਲ ਵਾਸਰੂਮ, ਸ਼ਿਅਰਡ ਲਾਂਡਰੀ । ਸਿਰਫ ਫੈਮਲੀ ਵਾਲੇ ਅਤੇ ਨੋਨ ਸਮੋਕਰ ਅਤੇ ਨੋ ਪੈਟਸ ਵਾਲੇ ਹੀ ਕਾਲ ਕਰਨ ।
ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:
416-305-9864

Great Invetsment Opportunity
In The Region of Timminis,ON
8 ACRE OF lAND CAN BE SEVERD IN TWO LOTS OF 4 ACRE
Apartment Building For Sale:
4 units 3 bedroom | 2 units 1 bedroom | 1 unit bachelor








For More Details Call: 416-970-5005/647-242-8667



Jas Toor
Sales Repersentative
Sutton
Sutton Group-Realty Experts
Brokerage*

Jagdish Grewal
Sales Repersentative
Century 21
President Realty Inc.
Brokerage*



## ਅੱਜ ਨਾਮਾ

ਮੁੜ-ਮੁੜ ਉਹੋ ਕਹਾਣੀ ਹੈ ਹੋਈ ਜਾਂਦੀ,
ਝੋਨਾ ਦੂਸਰਿਆਂ ਰਾਜਾਂ ਤੋਂ ਆਈ ਜਾਂਦਾ।
ਜੀਹਦੀ ਮਿਲੀ ਹੈ ਅੱਖ ਸਰਕਾਰ ਤੀਕਰ,
ਲਾਉਂਦਾ ਚੱਕਰ ਤੇ ਮਾਲ ਕਮਾਈ ਜਾਂਦਾ।
ਹੇਰਾਫੇਰੀ ਨਾ ਲੁਕੀ ਇਹ ਕਦੀ ਰਹਿੰਦੀ,
ਸਾਰੇ ਜਾਣਦੇ, ਕਿਹੜਾ ਕੀ ਖਾਈ ਜਾਂਦਾ।
ਫੜ-ਫੜ ਮਹਿਕਮਾ ਚਾਰ ਟਰਾਲਿਆਂ ਨੂੰ,
ਕਾਗਜ਼ਾਂ ਵਿੱਚ ਸਭ ਕੰਮ ਵਿਖਾਈ ਜਾਂਦਾ।
ਖਾਂਦਾ ਮੂੰਹ ਤੇ ਅੱਖਾਂ ਨੂੰ ਸ਼ਰਮ ਆਉਂਦੀ,
ਪਾ ਕੇ ਨੀਵੀਂ ਤੇ ਵਕਤ ਟਪਾਉਣ ਅੱਖਾਂ।
ਆਈਆਂ ਚੋਣਾਂ ਨੂੰ ਵੇਖ ਕੇ ਬਹੁਤ ਨੇੜੇ,
ਕੰਬਣੀ ਅੰਦਰੋਂ ਸੁਣੀਂਦੀ ਲਾਉਣ ਅੱਖਾਂ।

ਤੀਸ ਮਾਰ ਖਾਂ

# ਅੰਮ੍ਰਿਤਸਰ ਦੁਸ਼ਹਿਰਾ ਰੇਲ ਹਾਦਸਾ: ਨਵਜੋਤ ਸਿੰਘ ਸਿੱਧੂ ਦੇ ਨੇੜਲਿਆਂ ਸਮੇਤ ਸੱਤ ਜਣਿਆਂ ਦੇ ਵਿਰੁੱਧ ਦੋਸ਼ ਪੱਤਰ ਦਾਖ਼ਲ

ਚੰਡੀਗੜ੍ਹ, 10 ਅਕਤੂਬਰ, (ਪੋਸਟ ਬਿਊਰੋ)-ਤਿੰਨ ਸਾਲ ਪਹਿਲਾਂ ਅੰਮ੍ਰਿਤਸਰ ਵਿੱਚ ਦੁਸਹਿਰੇ ਦੇ ਦਿਨ ਰਾਵਣਨੂੰ ਸਾੜੇ ਜਾਣ ਦੇਇੱਕ ਪ੍ਰੋਗਰਾਮ ਵਿੱਚ ਰੇਲ ਗੱਡੀ ਹੇਠ ਆ ਕੇ 58 ਲੋਕਾਂ ਦੀ ਮੌਤ ਦੇ ਕੇਸਵਿੱਚ ਅੱਜ ਜੁਡੀਸ਼ਲ ਮੈਜਿਸਟਰੇਟ ਦੀ ਅਦਾਲਤ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੇ ਕਰੀਬੀ ਸੌਰਵ ਉਰਫ਼ ਮਿੱਠੂ ਮਦਾ-ਨਅਤੇ ਪ੍ਰਬੰਧਕ ਕਮੇਟੀ ਦੇ 6 ਹੋਰ ਮੈਂਬਰਾਂ ਦੇ ਖਿਲਾਫ ਦੋਸ਼ ਲਾਗੂ ਕੀਤੇ ਗਏ ਹਨ।

ਵਰਨਣ ਯੋਗ ਹੈ ਕਿ 19 ਅਕਤੂਬਰ 2018 ਨੂੰ ਅੰਮ੍ਰਿਤਸਰ ਦੇ ਜੋੜਾ ਫਾਟਕ ਉੱਤੇ ਲੋਕਾਂ ਦੀ ਭੀੜ ਨੂੰ ਇੱਕ ਰੇਲਗੱਡੀ ਨੇ ਕੁਚਲ ਦਿੱਤਾ ਸੀ, ਜਿਸ ਕਾਰਨ 58 ਲੋਕਾਂ ਦੀ ਮੌਤ ਹੋ ਗਈ ਸੀ। ਇਸ ਦੀ ਕਈ ਤਰ੍ਹਾਂ ਜਾਂਚ ਕਰਵਾਉਣ ਪਿੱਛੋਂ ਇੱਕਰਿਪੋਰਟ ਵਿੱਚ ਰੇਲਵੇ ਪੁਲਿਸ ਨੇ ਕਿਹਾ ਸੀ ਕਿ ਪ੍ਰਬੰਧਕਾਂ ਨੇ ਇਹ ਪ੍ਰੋਗਰਾਮ ਜ਼ਰੂਰੀ ਆਗਿਆ ਤੇ ਸੁਰੱਖਿਆ ਪ੍ਰਬੰਧਾਂ ਤੋਂ



ਬਿਨਾਂ ਕੀਤਾ ਸੀ। ਧੋਬੀ ਘਾਟ ਵਿਖੇ ਹੋਏ ਇਸ ਪ੍ਰੋਗਰਾਮਵਿੱਚ ਵੱਡੇ ਇਕੱਠ ਲਈ ਥਾਂ ਥੋੜ੍ਹੀ ਸੀ।ਹੈਰਾਨੀ ਦੀ ਗੱਲ ਹੈ ਕਿ ਜੀ ਆਰ ਪੀ(ਗੌਰਮਿੰਟ ਰੇਲਵੇ ਪੁਲਸ) ਨੇ ਦੋਸ਼ੀ ਗ੍ਰਿਫ਼ਤਾਰ ਕੀਤੇ ਬਿਨਾਂ ਚਲਾਣ ਪੇਸ਼ ਕੀਤਾ, ਕਿਉਂਕਿ ਉਸਨੂੰ ਡਰ ਸੀ ਕਿ ਦੋਸ਼ੀਆਂ ਨੂੰ ਸਿਆਸੀ ਸਰਪ੍ਰਸਤੀ ਨਾਲ ਮਾਹੌਲ ਖਰਾਬ ਹੋ ਸਕਦਾ ਹੈ।ਜੀ ਆਰ ਪੀ ਨੇ 19 ਅਕਤੂਬਰ 2018 ਨੂੰ ਭਾਰਤੀ ਦੰਡ ਕਾਨੂੰਨ ਦੀ ਧਾਰਾ 304-ਏ (ਲਾਪਰਵਾਹੀ ਨਾਲ ਮੌਤ ਦਾ ਕਾਰਨ), 337 (ਸੱਟ ਲੱਗਣੀ) ਤੇ 338 (ਗੰਭੀਰ ਸੱਟ) ਦਾ ਕੇਸ ਦਰਜ ਕੀਤਾ ਸੀ। ਇਸ ਸੰਬੰਧ ਵਿੱਚ ਦੋਸ਼ ਤੈਅ ਕਰਦੇ ਹੋਏ ਅਦਾਲਤ ਨੇ ਕਿਹਾ ਕਿ ਅੰਤਿਮ ਰਿਪੋਰਟ ਅਤੇ ਉਸ ਨਾਲ ਜੁੜੇ ਦਸਤਾਵੇਜ਼ਾਂ ਦੀ ਜਾਂਚ ਮਗਰੋਂ ਇਨ੍ਹਾਂ ਧਾਰਾਵਾਂ ਦਾ ਕੇਸ ਬਣਦਾ ਹੈ। ਅਦਾਲਤ ਨੇ ਮੁੱਖ ਗਵਾਹਤਲਬ ਕਰ ਕੇ ਸੁਣਵਾਈ ਦੀ ਅਗਲੀ ਤਰੀਕ 2 ਦਸੰਬਰ ਤੈਅ ਕੀਤੀ ਹੈ।ਦੋਸ਼ੀਆਂਵਿੱਚ ਰਾਹੁਲ ਕਲਿਆਣ, ਦੀਪਕ ਕੁਮਾਰ, ਕਰਨ ਭੰਡਾਰੀ, ਕਾਬਲ ਸਿੰਘ, ਦੀਪਕ ਗੁਪਤਾ ਅਤੇ ਭੁਪਿੰਦਰ ਸਿੰਘ ਵੀ ਸ਼ਾਮਲ ਹਨ।

# ਵਰੁਣ ਗਾਂਧੀ ਵੱਲੋਂ ਦੋਸ਼: ਲਖੀਮਪੁਰ ਖੀਰੀ ਹਿੰਸਾ ਨੂੰ 'ਹਿੰਦੂ ਬਨਾਮ ਸਿੱਖ' ਬਣਾਇਆ ਜਾ ਰਿਹੈ

### * ਅਸ਼ੀਸ਼ ਮਿਸ਼ਰਾ ਆਪਣੇ ਲਿਆਂਦੇ ਵੀਡੀਓ ਨਾਲ ਹੀ ਫਸ ਗਿਆ

ਨਵੀਂ ਦਿੱਲੀ, 10 ਅਕਤੂਬਰ, (ਪੋਸਟ ਬਿਊਰੋ)-ਭਾਰਤੀ ਜਨਤਾ ਪਾਰਟੀ ਦੇ ਪਾਰਲੀਮੈਂਟ ਮੈਂਬਰ ਵਰੁਣ ਗਾਂਧੀ ਨੇ ਅੱਜ ਲਖੀਮਪੁਰ ਖੀਰੀ ਹਿੰਸਾ ਬਾਰੇ ਵੱਡਾ ਦੋਸ਼ ਲਾਇਆ ਹੈ ਕਿ ਇਸ ਨੂੰ 'ਹਿੰਦੂ ਬਨਾਮ ਸਿੱਖ' ਬਣਾਉਣ ਦੀ ਕੋਸ਼ਿਸ਼ ਹੋ ਰਹੀ ਹੈ, ਜਿਹੜੀ ਨਾ ਸਿਰਫ 'ਅਨੈਤਿਕ ਤੇ ਗਲਤ ਧਾਰਨਾ' ਪੈਦਾ ਕਰਦੀ ਹੈ, ਸਗੋਂ 'ਖਤਰਨਾਕ' ਵੀ ਹੈ। ਵਰਨਣ ਯੋਗ ਹੈ ਕਿ ਭਾਜਪਾ ਦੇ ਪਾਰਲੀਮੈਂਟ ਮੈਂਬਰ ਵਰੁਣ ਗਾਂਧੀ 3 ਅਕਤੂਬਰ ਨੂੰ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਜ਼ਿਲੇ ਦੇ ਤਿਕੁਨੀਆ ਵਿੱਚ ਹੋਈ ਹਿੰਸਾ ਤੋਂ ਬਾਅਦ ਲਗਾਤਾਰ ਆਪਣੀ ਹੀ ਪਾਰਟੀ ਦੀ ਸਰਕਾਰ ਵੱਲ ਨਿਸ਼ਾਨਾ ਸੇਧ ਰਹੇ ਹਨ।ਉਸ ਹਿੰਸਾ ਤੋਂ ਬਾਅਦ ਵਰੁਣ ਗਾਂਧੀ ਨੇ ਇੱਕ ਵੀਡੀਓ ਸ਼ੇਅਰ ਕਰ ਕੇ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਮੰਗ ਕੀਤੀ ਅਤੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੂੰ ਇਸ ਬਾਰੇ ਇੱਕ ਚਿੱਠੀ ਵੀ ਲਿਖੀ ਸੀ। ਅੱਜ ਫਿਰ ਵਰੁਣ ਗਾਂਧੀ ਨੇ ਟਵੀਟ ਕਰਕੇ ਆਪਣੀ ਹੀ ਪਾਰਟੀ ਦੀ ਸਰਕਾਰ ਉੱਤੇ ਨਿਸ਼ਾਨਾ ਸਾਧਿਆ ਅਤੇ ਕਿਹਾ ਹੈ ਕਿ ਲਖੀਮਪੁਰ ਖੀਰੀ ਦੀ ਹਿੰਸਾ ਨੂੰ 'ਹਿੰਦੂ ਬਨਾਮ ਸਿੱਖ' ਲੜਾਈ ਵਿੱਚ ਬਦਲਣ ਦੀ ਕੋਸ਼ਿਸ਼ ਹੋ ਰਹੀ ਹੈ। ਵਰੁਣ ਗਾਂਧੀ ਨੇ ਕਿਹਾ ਕਿ ਅਜਿਹੀ ਕੋਸ਼ਿਸ਼ ਨਾ ਸਿਰਫ ਅਨੈਤਿਕ ਤੇ ਝੂਠੀ ਹੈ, ਸਗੋਂ ਉਨ੍ਹਾਂ ਜ਼ਖ਼ਮਾਂ ਨੂੰ ਦੁਬਾਰਾ



ਕੁਰੇਦਣਾ ਖਤਰਨਾਕ ਹੈ, ਜਿਨ੍ਹਾਂ ਨੂੰ ਠੀਕ ਹੋਣ ਵਿੱਚ ਪੀੜ੍ਹੀਆਂ ਲੱਗੀਆਂ ਹਨ ਅਤੇ ਸਾਨੂੰ ਰਾਜਨੀਤਕ ਲਾਭ ਨੂੰ ਦੇਸ਼ ਦੀ ਏਕਤਾ ਤੋਂ ਉੱਪਰ ਨਹੀਂ ਰੱਖਣਾ ਚਾਹੀਦਾ।

ਦੂਸਰੇ ਪਾਸੇ ਲਖੀਮਪੁਰ ਖੀਰੀ ਕੇਸ ਵਿਚ ਕੇਂਦਰੀ ਗ੍ਰਹਿ ਰਾਜ ਮੰਤਰੀ ਅਜੈ ਮਿਸ਼ਰਾ ਦੇ ਪੁੱਤਰ ਅਸ਼ੀਸ਼ ਮਿਸ਼ਰਾ ਨੂੰ ਸ਼ਨੀਵਾਰ ਦੀ ਲੰਬੀ ਪੁੱਛਗਿੱਛ ਤੋਂ ਬਾਅਦ ਪੁਲਿਸ ਨੇ ਸ਼ਨੀਵਾਰ ਦੇਰ ਰਾਤ ਗ੍ਰਿਫਤਾਰ ਕਰ ਕੇ ਤਿੰਨ ਦਿਨਾ ਰਿਮਾਂਡ ਉੱਤੇ ਜੇਲ੍ਹ ਭੇਜ ਦਿੱਤਾਹੈ। ਆਸ਼ੀਸ਼ ਮਿਸ਼ਰਾ ਉੱਤੇ 3 ਅਕਤੂਬਰ ਨੂੰ ਆਪਣੀ ਥਾਰ ਜੀਪ ਨਾਲ ਕਿਸਾਨਾਂ ਨੂੰ ਕੁਚਲਣ ਦਾ ਦੋਸ਼ ਹੈ। ਉਸ ਉੱਤੇ ਗੋਲੀ ਚਲਾਉਣ ਦੇ ਦੋਸ਼ ਹਨ। ਉਸ ਦੀ ਥਾਰ ਜੀਪ ਵਿੱਚੋਂ 315 ਬੋਰ ਦੇ ਕਾਰਤੂਸਵੀਮਿਲੇ ਹੋਏ ਸਨ।ਇਸ ਬਾਰੇ ਕ੍ਰਾਈਮ ਬ੍ਰਾਂਚ ਵਿੱਚ ਲੰਬੀ ਪੁੱਛਗਿੱਛ ਦੌਰਾਨ ਉਹ ਇਹ ਸਾਬਤ ਨਹੀਂ ਕਰ ਸਕਿਆ ਕਿ ਕਾਰਤੂਸ ਕਿੱਥੋਂ ਆਏ ਸਨ। ਉਹ ਇਹ ਵੀ ਸਾਬਤ ਨਹੀਂ ਕਰ ਸਕਿਆ ਕਿ ਉਹ ਘਟਨਾ ਦੇ ਸਮੇਂ ਉੱਥੇ ਮੌਜੂਦ ਨਹੀਂ ਸੀ।

ਸ਼ਨੀਵਾਰ ਸਵੇਰੇ ਆਸ਼ੀਸ਼ ਮਿਸ਼ਰਾ ਜਦੋਂ ਕ੍ਰਾਈਮ ਬ੍ਰਾਂਚ ਦੇ ਦਫਤਰ ਵਿੱਚ ਵਿਸ਼ੇਸ਼ ਜਾਂਚ ਟੀਮ(ਐਸਆਈਟੀ) ਦੇ ਸਾਹਮਣੇ ਪੇਸ਼ ਹੋਇਆ ਤਾਂ ਦੱਸਦੇ ਹਨ ਕਿ ਡੀਆਈਜੀ ਉਪੇਂਦਰ ਅਗਰਵਾਲ ਨੇ ਕਿਹਾ ਕਿ ਉਹ ਆਪਣੀ ਬੇਗੁਨਾਹੀ ਦੇ ਸਬੂਤ ਪੇਸ਼ ਕਰ ਸਕਦਾ ਹੈ। ਇਸ ਪਿੱਛੋਂ ਉਹ ਆਪਣੇ ਨਾਲ ਲਿਆਂਦੇ ਵੀਡੀਓ ਦੇ ਜਾਲ ਵਿੱਚ ਹੀ ਫਸ ਗਿਆ। ਉਸ ਨੇ ਕੁਝ ਵੀਡੀਓ ਪੇਸ਼ ਕੀਤੇ, ਪਰ ਜਦੋਂ ਪੁਲਿਸ ਨੇ ਪੁੱਛਿਆ ਕਿ ਉਹ 2.36 ਮਿੰਟ ਅਤੇ 3.40 ਮਿੰਟ ਦੌਰਾਨ ਕਿੱਥੇ ਸੀ, ਓਦੋਂ ਉਹ ਇਹ ਵੀਡੀਓ ਵੀ ਨਹੀਂ ਪੇਸ਼ ਕਰ ਸਕਿਆ ਕਿ ਉਹ ਦੰਗਲ ਵਿੱਚ ਆਪਣੇ ਪਿਤਾ ਨਾਲ ਸੀ। ਪੁੱਛਗਿੱਛ ਮੌਕੇ ਆਸ਼ੀਸ਼ ਮਿਸ਼ਰਾ 3 ਅਕਤੂਬਰ ਨੂੰ ਬਾਅਦ ਦੁਪਹਿਰ ਢਾਈ ਵਜੇ ਤੋਂ ਸਾਢੇ ਤਿੰਨ ਵਜੇ ਤੱਕ ਦੇ ਆਪਣੇ ਥਹੁ-ਟਿਕ-ਾਣੇ (ਲੋਕੇਸ਼ਨ) ਬਾਰੇ ਜਾਂਚ ਕਰਤਿਆਂ ਨੂੰ ਤਸੱਲੀਬਖ਼ਸ਼ ਜਵਾਬ ਨਹੀਂ ਦੇ ਸਕਿਆ ਅਤੇ ਉਸ ਨੇ ਗੋਲ ਮੋਲ ਜਵਾਬ ਦੇਣੇ ਸ਼ੁਰੂ ਕਰ ਦਿੱਤੇ। ਉਹ ਇਹ ਵੀ ਸਾਬਤ ਨਹੀਂ ਕਰ ਸਕਿਆ ਕਿ ਉਸ ਦੀ ਕਾਰ ਵਿੱਚੋਂ ਮਿਲੇਕਾਰਤੂਸ ਕਿੱਥੋਂ ਆਏ ਸਨ ਅਤੇ ਘਟਨਾ ਹੋਣ ਦੇ ਵਕਤ ਉਹ ਕਿੱਥੇ ਸੀ। ਇਸ ਤੋਂ ਬਾਅਦ ਦੇਰ ਰਾਤ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ।

# ਸੁਖਬੀਰ ਬਾਦਲ ਨੂੰ ਮੱਥਾ ਟੇਕਣ ਲਈ ਛੇਹਰਟਾ ਸਾਹਿਬ ਆਣ ਕੇ ਵੀ ਕਿਸਾਨਾਂ ਦਾ ਵਿਰੋਧ ਝੱਲਣਾ ਪਿਆ

ਅੰਮ੍ਰਿਤਸਰ, 10 ਅਕਤੂਬਰ, (ਪੋਸਟ ਬਿਊਰੋ)-ਅਕਾਲੀ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਡਿਪਟੀਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ ਅੱਜ ਹਲਕਾ ਅੰਮ੍ਰਿਤਸਰ ਪੱਛਮੀ ਦੇ ਦੌਰੇ ਦੌਰਾਨ ਛੇਹਰਟਾ ਚੌਕ ਵਿੱਚ ਕਿਸਾਨਾਂ ਦੇ ਵਿਰੋਧ ਦਾ ਸਾਹਮਣਾ ਕਰਨ ਪਿਆ। ਕਿਸਾਨਾਂ ਨੇ ਉਨ੍ਹਾਂ ਨੂੰ ਕਾਲੇ ਝੰਡੇ ਵਿਖਾਏ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਪਤਾ ਲੱਗਾ ਹੈ ਕਿ ਅੱਜ ਸੁਖਬੀਰ ਸਿੰਘ ਬਾਦਲ ਨੇ ਕੁਝ ਧਾਰਮਿਕ ਸਥਾਨਾਂ ਉੱਤੇ ਮੱਥਾ ਟੇਕਣਾ ਅਤੇ ਕੁਝ ਥਾਂਵਾਂ ਉੱਤੇ ਲੋਕਾਂ ਨੂੰ ਮਿਲਣਾ ਸੀ। ਜਦੋਂ ਉਨ੍ਹਾਂ ਦਾ ਕਾਫਲਾ ਛੇਹਰਟਾ ਚੌਕ ਪੁੱਜਾ ਤਾਂ ਉੱਥੇ ਪਹਿਲਾਂ ਤੋਂ ਮੌਜੂਦਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਅਤੇ ਆਲ ਇੰਡੀਆ ਕਿਸਾਨ ਸਭਾ ਦੇ ਆਗੂਆਂ ਇਕਬਾਲ ਸਿੰਘ ਲਾਲੀ ਅਤੇ ਜਸਬੀਰ ਸਿੰਘ ਦੀ ਅਗਵਾਈ ਵਿੱਚ ਕਿਸਾਨਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਕਾਲੇ ਝੰਡੇ ਵਿਖਾ ਕੇ ਤਿੱਖੀ



ਨਾਅਰੇਬਾਜ਼ੀ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿਚ ਪੁਲਿਸ ਵੀ ਮੌਜੂਦ ਸੀ। ਕਿਸਾਨਾਂ ਦੇ ਵਿਰੋਧ ਦੌਰਾਨ ਸੁਖਬੀਰ ਦਾ ਕਾਫ਼ਲਾ ਅੱਗੇ ਨਿਕਲ ਗਿਆ। ਸੁਖਬੀਰ ਸਿੰਘ ਬਾਦਲ ਦੇ ਨਾਲ ਵਿਧਾਨ ਸਭਾ ਹਲਕਾ ਪੱਛਮੀ ਤੋਂ ਪਾਰਟੀ ਉਮੀਦਵਾਰ ਡਾ. ਦਲਬੀਰ ਸਿੰਘ ਵੇਰਕਾ, ਹਲਕਾ ਦੱਖਣੀ ਤੋਂ ਉਮੀਦਵਾਰ ਤਲਬੀਰ ਸਿੰਘ ਗਿੱਲ ਅਤੇ ਹੋਰ ਅਕਾਲੀਆਗੂ ਤੇ ਵਰਕਰ ਵੀ ਸਨ।

ਕਿਸਾਨ ਆਗੂਆਂ ਇਕਬਾਲ ਸਿੰਘ ਲਾਲੀ ਅਤੇ ਜਸਬੀਰ ਸਿੰਘ ਨੇ ਕਿਹਾ ਕਿ ਕਿਸਾਨ ਵਿਰੋਧੀ ਖੇਤੀ ਕਾਨੂੰਨ ਲਾਗੂ ਹੋਣ ਲਈ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ, ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਅਤੇ ਸੁਖਬੀਰ ਸਿੰਘ ਬਾਦਲ ਸਭ ਤੋਂ ਵੱਡੇ ਦੋਸ਼ੀ ਹਨ। ਉਨ੍ਹਾਂ ਕਿਹਾ ਕਿ ਜਦੋਂ ਕੇਂਦਰ ਸਰਕਾਰ ਨੇ ਖੇਤੀ ਕਾਨੂੰਨ ਬਣਾਏ ਸਨ ਤਾਂ ਇਨ੍ਹਾਂ ਤਿੰਨੇ ਆਗੂਆਂਨੇ ਇਨ੍ਹਾਂ ਦੇ ਸਭ ਤੋ ਵੱਧ ਸਮੱਰਥਨ ਕੀਤਾ ਸੀ।ਇਨ੍ਹਾਂ ਤਿੰਨਾਂ ਤੋਂ ਇਲਾਵਾ ਅਕਾਲੀ ਦਲ ਦੇ ਹੋਰਆਗੂਆਂ ਦੇ ਵੀ ਖੇਤੀ ਕਾਨੂੰਨਾਂ ਦੀਆਂ ਤਾਰੀਫ਼ਾਂ ਵਾਲੇ ਵੀਡੀਓ ਕਲਿਪਸ ਉਨ੍ਹਾਂ ਕੋਲ ਹਨ।

# ਦੋ ਕਾਰਾਂ ਦੀ ਟੱਕਰ ਵਿੱਚ ਔਰਤ ਦੀ ਮੌਤ, ਦੋ ਜ਼ਖਮੀ

ਨਕੋਦਰ, 10 ਅਕਤੂਬਰ (ਪੋਸਟ ਬਿਊਰੋ)-ਨਕੋਦਰ-ਜਲੰਧਰ ਰੋਡ ਉੱਤੇ ਦੋ ਕਾਰਾਂ ਦੀ ਟੱਕਰ ਵਿੱਚ ਇੱਕ ਔਰਤ ਦੀ ਮੌਤ ਹੋ ਗਈ ਅਤੇ ਦੋ ਵਿਅਕਤੀ ਜ਼ਖਮੀ ਹੋ ਗਏ, ਜਿਨ੍ਹਾਂ ਦੀ ਗੰਭੀਰ ਹਾਲਤ ਕਾਰਨ ਜਲੰਧਰ ਭੇਜ ਦਿੱਤਾ ਗਿਆ। ਹਾਦਸਾ ਇੱਕ ਕਾਰ ਦਾ ਟਾਇਰ ਫਟਣ ਨਾਲ ਵਾਪਰਿਆ।ਸਿਟੀ ਥਾਣੇ ਦੇ ਐਸ ਆਈ ਲਾਭ ਸਿੰਘ ਮੌਕੇ ਉੱਤੇ ਪਹੁੰਚੇ ਤੇ ਜਾਂਚ ਸ਼ੁਰੂ ਕਰ ਦਿੱਤੀ। ਮ੍ਰਿਤਕਾ ਦੀ ਪਛਾਣ ਸੁਖਵਿੰਦਰ ਕੌਰ ਪਤਨੀ ਸੁਰਜੀਤ ਲਾਲ ਵਾਸੀ ਲੋਹਗੜ ਵਜੋਂ ਹੋਈ ਹੈ।

ਸਰਬਜੀਤ ਕੁਮਾਰ ਪੁੱਤਰ ਮਹਿੰਦਰ ਪਾਲ ਨੇ ਦੱਸਿਆ ਕਿ ਉਹ ਆਪਣੇ ਭਤੀਜੇ ਸੁਰਿੰਦਰ ਸਿੰਘ ਪੁੱਤਰ ਸੁਰਜੀਤ ਲਾਲ ਅਤੇ ਭਰਜਾਈ ਸੁਖਵਿੰਦਰ ਕੌਰ ਪਤਨੀ ਸੁਰਜੀਤ ਲਾਲ ਵਾਸੀਲੋਹਗੜ ਆਪਣੀ-ਆਪਣੀ ਕਾਰ ਵਿੱਚ ਜਲੰਧਰ ਤੋਂ ਵਾਪਸ ਆ ਰਹੇ ਸਨ। ਸੁਰਿੰਦਰ ਤੇ ਸੁਖਵਿੰਦਰ ਕੌਰ ਅੱਗੇ ਆਲਟੋ ਕਾਰ ਉੱਤੇ ਜਾ ਰਹੇ ਸਨ ਤੇ ਮੈਂ ਇਨ੍ਹਾਂ ਦੇ ਪਿੱਛੇ ਸੀ। ਜਦੋਂ ਨਕੋਦਰ-ਜਲੰਧਰ ਰੋਡ ਉੱਤੇ ਲਿੱਲੀ ਪੈਲਸ ਤੋਂ ਥੋੜ੍ਹਾ ਅੱਗੇ ਪੁੱਜੇ ਤਾਂ ਨਕੋਦਰ ਵੱਲੋਂ ਇੱਕ ਆਲਟੋ ਕਾਰ ਚਾਲਕ ਗੱਡੀ ਨੂੰ ਬਹੁਤ ਤੇਜ਼ ਰਫਤਾਰ ਤੇ ਲਾਪਰਵਾਹੀ ਨਾਲ ਲੈ ਕੇ ਆ ਰਿਹਾ ਸੀ। ਉਸ ਨੇ ਆਪਣੀ ਗੱਡੀ ਨੂੰ ਯਕਦਮ ਕੱਟ ਮਾਰਿਆ ਤਾਂ ਕਾਰ ਪਲਟੀਆਂ ਖਾਂਦੀ ਸਾਡੇ ਵਾਲੀ ਸੜਕ ਉੱਤੇ ਆ ਕੇ ਮੇਰੇ ਭਤੀਜੇ ਦੀ ਕਾਰ ਨਾਲ ਟਕਰਾ ਗਈ, ਜਿਸ ਨਾਲ ਸੁਖਵਿੰਦਰ ਕੌਰ ਦੀ ਗੰਭੀਰ ਸੱਟਾਂ ਲੱਗਣ ਕਾਰਨ ਮੌਤ ਹੋ ਗਈ ਤੇ ਭਤੀਜੇ ਦੇ ਗੰਭੀਰ ਸੱਟਾਂ ਲੱਗੀਆਂ, ਜਿਨ੍ਹਾਂ ਨੂੰ ਸਿਵਲ ਹਸਪਤਾਲ ਨਕੋਦਰ ਦਾਖਲ ਕਰਾਇਆ ਹੈ।ਜਾਂਚ ਅਧਿਕਾਰੀ ਨੇ ਦੱਸਿਆ ਕਿ ਸਰਬਜੀਤ ਕੁਮਾਰ ਦੇ ਬਿਆਨਾਂ ਉੱਤੇ ਆਲਟੋ ਕਾਰ ਦੇ ਚਾਲਕ ਰਾਜੀਵ ਨਈਅਰ ਪੁੱਤਰ ਸ਼ਾਮ ਸੁੰਦਰ ਨਈਅਰ ਵਾਸੀ ਬਸਤੀ ਨੌਂ ਜਲੰਧਰ ਖਿਲਾਫ ਕੇਸ ਦਰਜ ਕੀਤਾ ਗਿਆ ਹੈ।

ਆਲਟੋ ਕਾਰ ਦਾ ਚਾਲਕ ਰਾਜੀਵ ਨਈਅਰ,ਜੋ ਆਪਣੀ ਪਤਨੀ ਤੇ ਦੋ ਬੱਚਿਆਂ ਨਾਲ ਜ਼ੀਰੇ ਤੋਂ ਜਲੰਧਰ ਜਾ ਰਿਹਾ ਸੀ, ਇਸ ਹਾਦਸੇ ਵਿੱਚ ਜ਼ਖਮੀ ਹੋ ਗਿਆ। ਉਸ ਨੂੰ ਪਹਿਲਾਂ ਨਕੋਦਰ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ, ਜਿੱਥੇ ਉਸ ਦੀ ਹਾਲਤ ਜ਼ਿਆਦਾ ਗੰਭੀਰ ਹੋਣ ਕਾਰਨ ਡਾਕਟਰ ਨੇ ਉਸ ਨੂੰ ਜਲੰਧਰ ਰੈਫਰ ਕਰ ਦਿੱਤਾ।

# ਓਵਰਸਾਈਟ ਐਂਡ ਰਿਫਾਰਮਸ ਕਮੇਟੀ ਦਾ ਖੁਲਾਸਾ: ਟਰੰਪ ਨੂੰ ਵਿਦੇਸ਼ ਤੋਂ 1.5 ਕਰੋੜ ਡਾਲਰਮਿਲਣ ਮਗਰੋਂ ਵੀ ਹੋਟਲ ਨੂੰ 7.4 ਕਰੋੜ ਦਾ ਘਾਟਾ

ਅਮਰੀਕਾ, 10 ਅਕਤੂਬਰ (ਪੋਸਟ ਬਿਊਰੋ)- ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਕੰਪਨੀ ਦੇ ਇੱਕ ਲਗਜ਼ਰੀ ਹੋਟਲ ਨੂੰ ਚਾਰ ਸਾਲ ਵਿੱਚ 7.4 ਕਰੋੜ ਡਾਲਰ ਦਾ ਨੁਕਸਾਨ ਹੋਇਆ ਹੈ। ਇਹ ਨੁਕਸਾਨ ਓਦੋਂ ਹੋਇਆ, ਜਦੋਂ ਵਿਦੇਸ਼ੀ ਸਰਕਾਰਾਂ ਤੋਂ ਲੱਖਾਂ ਡਾਲਰ ਮਿਲਦੇ ਰਹੇ ਸਨ। ਟਰੰਪ ਦੇ ਕਾਰੋਬਾਰ ਦੀ ਜਾਂਚ ਕਰ ਰਹੀ ਇੱਕ ਕਾਂਗਰਸ ਕਮੇਟੀ ਨੇ ਜਾਰੀ ਦਸਤਾਵੇਜ਼ਾਂ ਵਿੱਚ ਇਸ ਦਾ ਖੁਲਾਸਾ ਕੀਤਾ ਅਤੇ ਰਿਪੋਰਟ ਵਿੱਚ ਕਿਹਾ ਹੈ ਕਿ ਟਰੰਪ ਆਪਣੇ ਹਿਤਾਂ ਦੇ ਸੰਭਾਵੀ ਸੰਘਰਸ਼ਾਂ ਨੂੰ ਲੁਕਾਉਣ ਦੀ ਕੋਸ਼ਿਸ਼ ਕਰ ਰਹੇ ਸਨ। ਡੋਨਾਲਡ ਟਰੰਪ ਨੇ ਕਿਹਾ ਸੀ ਕਿ ਉਨ੍ਹਾਂ ਦੇ ਰਾਜ ਵਿੱਚ ਹੋਟਲ ਨੇ 15 ਕਰੋੜ ਡਾਲਰ ਕਮਾਈ ਕੀਤੀ ਸੀ। 2016 ਤੋਂ 2020 ਦਰਮਿਆਨ ਮਹਾਮਾਰੀ ਤੋਂ ਪਹਿਲਾਂ ਹੋਟਲ ਦਾ ਸਾਲਾਨਾ ਮਾਲੀਆ ਵੀਚੋਖਾ ਰਿਹਾ ਸੀ।ਹਾਊਸ ਕਮੇਟੀ ਆਨ ਓਵਰਸਾਈਟ ਐਂਡ ਰਿਫਾਰਮਸ ਦੇ ਮੁਤਾਬਕਲਗਜ਼ਰੀ ਹੋਟਲ ਦਾ ਹਾਲ ਇੰਨਾਮਾੜਾ ਸੀ ਕਿ ਟਰੰਪ ਆਰਗੇਨਾਈਜੇਸ਼ਨ ਨੂੰ ਦੂਸਰੇ ਕਾਰੋਬਾਰ ਤੋਂ ਮੋਟੀ ਰਕਮ ਇਸ ਥਾਂ ਲਾਉਣੀ ਪਈ। ਉਹ ਹੋਟਲ ਵ੍ਹਾਈਟ ਹਾਊਸ ਤੋਂ ਕੁਝ ਬਲਾਕ ਦੀ ਦੂਰੀ ਉੱਤੇ ਹੈ। ਕਮੇਟੀ ਨੇ ਕਿਹਾ ਕਿ ਇਹ ਘਾਟਾ ਤਦ ਹੋਇਆ, ਜਦ ਵਿਦੇਸ਼ੀ ਸਰਕਾਰਾਂ ਦੇ ਜ਼ਰੀਏ ਅਨੁਮਾਨਤ 1.5 ਕਰੋੜ ਡਾਲਰ ਦੀ ਆਮਦਨ ਹੋਈ ਸੀ।

# ਅੱਗ ਤੋਂ ਬਚਣ ਲਈ ਉਪਰਲੀ ਮੰਜ਼ਿਲ ਉਤੇ ਗਿਆ ਬਜ਼ੁਰਗ ਦਮ ਘੁੱਟ ਕੇ ਮਰ ਗਿਆ

ਅੰਮ੍ਰਿਤਸਰ, 10 ਅਕਤੂਬਰ (ਪੋਸਟ ਬਿਊਰੋ)- ਇਸ ਮਹਾਨਗਰ ਦੇ ਟੁੰਡਾ ਤਲਾਬ ਇਲਾਕੇ ਵਿਚਲੀ ਲੋਹਾ ਮਾਰਕੀਟ ਵਿੱਚ ਤੜਕੇ ਭਿਆਨਕ ਅੱਗ ਲੱਗਣ ਕਾਰਨ ਦੁਕਾਨ ਵਿੱਚ ਪਿਆ ਸਾਰਾ ਸਾਮਾਨ ਸੜ ਗਿਆ ਅਤੇ ਇਸ ਨੇ ਇੱਕ ਬਜ਼ੁਰਗ ਦੀ ਜਾਨ ਵੀ ਲੈ ਲਈ। ਬਜ਼ੁਰਗ ਦੀ ਮੌਤ ਦਮ ਘੁੱਟਣ ਨਾਲ ਹੋਈ ਹੈ। ਘਟਨਾ ਦੀ ਜਾਣਕਾਰੀ ਗਵਾਂਢ ਦੇ ਲੋਕਾਂ ਨੂੰ ਉਦੋਂ ਲੱਗੀ, ਜਦੋਂ ਅੱਗ ਦੀਆਂ ਲਪਟਾਂ ਦੁਕਾਨ ਦੇ ਬਾਹਰ ਨਿਕਲੀਆਂ ਸਨ।

ਫਾਇਰ ਬ੍ਰਿਗੇਡ ਦੇ ਅਧਿਕਾਰੀ ਰਾਜਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੇ ਦਫਤਰ ਨੂੰ ਤੜਕੇ 3.10 ਵਜੇ ਅੱਗ ਲੱਗਣ ਦੀ ਸੂਚਨਾ ਮਿਲੀ ਤਾ ਉਸੇ ਸਮੇਂ ਉਹ ਗੱਡੀ ਲੈ ਕੇ ਮੌਕੇ ਉੱਤੇ ਪਹੁੰਚ ਗਏ, ਪਰ ਟਾਊਨ ਹਾਲ ਅਤੇ ਸੇਵਾ ਕਮੇਟੀ ਦੀਆਂ ਗੱਡੀਆਂ ਇੱਥੇ ਪਹਿਲਾਂ ਪਹੁੰਚ ਚੁੱਕੀਆਂ ਸਨ। ਕੁਝ ਸਮੇਂ ਵਿੱਚ ਅੱਗ ਉੱਤੇ ਕਾਬੂ ਪਾ ਲਿਆ, ਪਰ ਜਦ ਜਾਂਚ ਕਰਦੇ ਹੋਏ ਉਪਰ ਗਏ ਤਾਂ ਉਥੇ ਇੱਕ ਬਜ਼ੁਰਗ ਦੀ ਲਾਸ਼ ਪਈ ਸੀ। ਮ੍ਰਿਤਕ ਦੀ ਪਛਾਣ 61 ਸਾਲਾ ਰਾਜਿੰ-ਦਰ ਕੁਮਾਰ ਵਜੋਂ ਹੋਈ ਹੈ। ਉਹ ਦੁਕਾਨ ਵਿੱਚ ਹੀ ਰਹਿੰਦੇ ਸਨ। ਘਟਨਾ ਵਾਲੀ ਜਗ੍ਹਾ ਦੇਖ ਕੇ ਲੱਗਦਾ ਹੈ ਕਿ ਅੱਗ ਲੱਗਣ ਪਿੱਛੋਂ ਰਾਜਿੰਦਰ ਕੁਮਾਰ ਉਪਰ ਵੱਲ ਚਲੇ ਗਏ। ਅੱਗ ਉਪਰ ਨਹੀਂ ਪਹੁੰਚੀ, ਪਰ ਧੂੰਆਂ ਪੂਰੇ ਘਰ ਵਿੱਚ ਫੈਲ ਜਾਣ ਕਾਰਨ ਦਮ ਘੁੱਟਣ ਦੇ ਨਾਲ ਬਜ਼ੁਰਗ ਦੀ ਮੌਤ ਹੋ ਗਈ। ਪੁਲਸ ਨੇ ਕੇਸ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।












# ਟਰਾਂਸਪੋਰਟ ਮੰਤਰੀ ਰਾਜਾ ਵੜਿੰਗ ਨੇ ਨਿੱਜੀ ਟਰਾਂਸਪੋਰਟ ਕੰਪਨੀਆਂ ਨੂੰ ਭਾਜੜਾਂ ਪਾਈਆਂ

...ਪੰਨਾ 1 ਦਾ ਬਾਕੀ

ਬੰਦ ਕੀਤੀਆਂ ਬੱਸਾਂ ਉੱਤੇ ਨਿਯਮਾਂ ਮੁਤਾਬਕ ਕਾਰਵਾਈ ਸ਼ੁਰੂ ਕਰ ਦਿੱਤੀਹੈ ਅਤੇ ਟਰਾਂਸਪੋਰਟ ਮਾਫੀਆ ਖਿਲਾਫਅਗਲੇ ਦਿਨਾਂ ਵਿਚਵੱਡੇ ਐਕਸ਼ਨ ਦੇ ਹੁਕਮ ਸਟੇਟ ਟਰਾਂਸਪੋਰਟ ਕਮਿਸ਼ਨਰ ਦੇ ਦਫਤਰ ਤੋਂ ਆਏ ਹਨ। ਵਿਭਾਗ ਦੀ ਇਸ ਕਾਰਵਾਈ ਤੋਂ ਟਰਾਂਸਪੋਰਟ ਮਾਫੀਆ ਤੇ ਟੈਕਸ ਮਾਫੀਆ ਵਿੱਚ ਸਹਿਮਹੈ। ਨਾਜਾਇਜ਼ ਚੱਲਦੀਆਂ ਤੇ ਟੈਕਸ ਡਿਫਾਲਟਰ ਬੱਸਾਂ ਉੱਤੇ ਸਿਰਫ਼ ਅੰਮ੍ਰਿਤਸਰ ਵਿੱਚ ਨਹੀਂ,ਪੰਜਾਬ ਦੇ ਸਾਰੇ ਪ੍ਰਮੁੱਖ ਜ਼ਿਲ੍ਹਿਆਂ ਵਿੱਚ ਕਾਰਵਾਈ ਚੱਲ ਪਈ ਹੈ।ਨਾਜਾਇਜ਼ ਚੱਲਦੀਆਂ ਬੱਸਾਂ ਨੂੰ ਟਰਾਂਸਪੋਰਟ ਮੰਤਰੀ ਅਮਰਿੰਦਰ ਸਿੰਘ ਰਾਜਾ ਵੜਿੰਗ ਖੁਦ ਅਫਸਰਾਂ ਦੀ ਟੀਮ ਨਾਲ ਕਈ ਥਾਂ ਘੇਰ ਚੁੱਕੇ ਹਨ। ਉਨ੍ਹਾਂ ਨੇ ਆਰ ਟੀ ਏ ਸੈਕਟਰੀ ਤੇ ਟਰਾਂਸਪੋਰਟ ਵਿਭਾਗ ਦੇ ਹੋਰ ਅਧਿਕਾਰੀਆਂ ਨੂੰ ਸਾਫ ਕਿਹਾ ਹੈ ਕਿ ਕੋਈ ਵੀ ਟੈਕਸ ਡਿਫਾਲਟਰ ਬੱਸ ਸੜਕ ਉੱਤੇ ਨਾ ਚੱਲਣ ਦਿੱਤੀ ਜਾਵੇ, ਕਿਉਂਕਿ ਟੈਕਸ ਦੀ ਚੋਰੀ ਨਾਲ ਰਾਜ ਦਾ ਵਿਕਾਸ ਰੁਕਦਾ ਹੈ।

ਵਰਨਣ ਯੋਗ ਹੈ ਕਿ ਪਿਛਲੇ ਲੰਬੇ ਸਮੇਂ ਤੋਂ ਅਣ-ਰਜਿਸਟਰਡ ਵੀਡੀਓ ਕੋਚ ਬੱਸਾਂਅੰਮ੍ਰਿਤਸਰ ਤੋਂ ਦਿੱਲੀ, ਜੰਮੂ-ਕਟੜਾ ਤੇ ਹੋਰ ਰੂਟਾਂ ਉੱਤੇ ਚਲਾਈਆਂ ਜਾਂਦੀਆਂ ਹਨ।ਜਦੋਂ ਵੀ ਕਿਸੇ ਨਵੀਂ ਪਾਰਟੀ ਦੀ ਸਰਕਾਰ ਬਣਦੀ ਤਾਂ ਕੁਝ ਦਿਨ ਇਨ੍ਹਾਂ ਨਾਜਾਇਜ਼ ਬੱਸਾਂ ਉੱਤੇ ਕਾਰਵਾਈ ਕੀਤੀ ਜਾਂਦੀ ਅਤੇ ਫਿਰਕੇਸ ਠੰਢੇ ਬਸਤੇ ਵਿੱਚ ਪਾ ਦਿੱਤਾ ਜਾਂਦਾ ਸੀ। ਇਸ ਵਾਰ ਟਰਾਂਸਪੋਰਟ ਮੰਤਰੀ ਅਮਰਿੰਦਰ ਸਿੰਘ ਰਾਜਾ ਵੜਿੰਗ ਟਰਾਂਸਪੋਰਟ ਮਾਫੀਆ ਦੇ ਖਿਲਾਫ ਖੁਦ ਤੁਰ ਪਏ ਹਨਤੇ ਇਸ ਦੇ ਨਾਲ ਆਰ ਟੀ ਏ ਸੈਕਟਰੀ ਅਤੇ ਹੋਰ ਅਧਿਕਾਰੀ ਵੀ ਸਰਗਰਮ ਹੋ ਗਏ ਹਨ। ਸਭ ਨੂੰ ਪਤਾ ਹੈ ਕਿ ਟਰਾਂਸਪੋਰਟ ਮਾਫੀਆ ਉੱਤੇ ਹਮੇਸ਼ਾ ਕਿਸੇ ਨਾ ਕਿਸੇ ਵੱਡੇ ਨੇਤਾ ਦੀ ਸਰਪ੍ਰਸਤੀਰਹਿੰਦੀ ਹੈ। ਸਾਬਕਾ ਅਕਾਲੀ-ਭਾਜਪਾ ਗਠਜੋੜ ਸਰਕਾਰ ਵੇਲੇ ਵੀ ਅਤੇਮੌਜੂਦਾ ਕਾਂਗਰਸ ਸਰਕਾਰ ਵੇਲੇ ਟਰਾਂਸਪੋਰਟ ਮਾਫੀਆ ਕਿਸੇ ਨਾ ਕਿਸੇ ਨੇਤਾ ਦੇ ਇਸ਼ਾਰੇ ਉੱਤੇਬਚਦਾਰਿਹਾ ਹੈ। ਇਕ ਟਰਾਂਸਪੋਰਟ ਅਫਸਰ ਨੇ ਦੱਸਿਆ ਕਿ ਜੇ ਟਰਾਂਸਪੋਰਟ ਵਿਭਾਗ ਦੇ ਅਫਸਰਾਂ ਨੂੰ ਫਰੀ ਹੈਂਡ ਦਿੱਤਾ ਜਾਵੇ ਤਾਂ ਨਾਜਾਇਜ਼ ਚੱਲਦੀਆਂ ਤੇ ਟੈਕਸ ਡਿਫਾਲਟਰ ਬੱਸਾਂ ਨੂੰ ਇਕ ਹਫ਼ਤੇ ਵਿੱਚਬੰਦ ਕੀਤਾ ਜਾ ਸਕਦਾ ਹੈ, ਪਰ ਹਰ ਵਾਰ ਕਿਸੇ ਨਾ ਕਿਸੇ ਨੇਤਾ ਵੱਲੋਂ ਰੁਕਾਵਟ ਪਾਈ ਜਾਂਦੀ ਹੈ ਤੇ ਵਿਭਾਗੀ ਅਧਿਕਾਰੀਆਂ ਨੂੰ ਸ਼ਰਮਿੰਦੇ ਹੋਣਾ ਪੈਂਦਾ ਹੈ। ਇਸ ਨਾਲਟਰਾਂਸਪੋਰਟ ਵਿਭਾਗ ਨੂੰ ਕਰੋੜਾਂ ਦੇ ਟੈਕਸ ਦੇ ਨਾਲਜੀ ਐੱਸ ਟੀ ਅਤੇ ਸੀ ਜੀ ਐੱਸ ਟੀ ਵਾਲੇ ਦੋਵਾਂ ਟੈਕਸਾਂ ਵਾਲਾਕਰੋੜਾਂ ਰੁਪਏਰਗੜਾ ਲੱਗਦਾ ਹੈ।ਦਿੱਲੀ-ਅੰਮ੍ਰਿਤਸਰ ਰੂਟ ਉੱਤੇ ਚੱਲਦੀਆਂ ਵੀਡੀਓ ਕੋਚ ਬੱਸਾਂ ਅਤੇ ਕੁਝ ਟਰੱਕ ਆਪਰੇਟਰਾਂ ਵੱਲੋਂ ਭਾਰੀ ਮਾਤਰਾ ਵਿੱਚ ਬਿਨਾਂ ਬਿੱਲ ਸਾਮਾਨ ਵੀ ਲਿਆਂਦਾ ਜਾਂਦਾ ਹੈ ਤੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੁੰਦਾ ਹੈ। ਭਾਰੀ ਟੈਕਸ ਵਾਲੀਆਂ ਚੀਜ਼ਾਂ ਨੂੰ ਦਿੱਲੀ ਤੋਂ ਬਿਨਾਂ ਬਿੱਲ ਬੱਸਾਂ ਰਾਹੀਂ ਲਿਆਂਦੀਆਂ ਜਾਣ ਦੇ ਕਾਰਨ ਟਰਾਂਸਪੋਰਟ ਕੰਪਨੀਆਂ ਅਤੇ ਵੀਡੀਓ ਕੋਚ ਬੱਸਾਂ ਵਾਲੇ ਟੈਕਸ ਚੋਰੀ ਦੀ ਖੇਡ ਖੇਡਦੇ ਹਨ।

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editors | Gyan Singh, |
| Office Admin | Sajandeep Singh |
| Graphic Designer | Angrez Singh |
| Photographer | Kanwaljit Singh Kanwal |
| Distributer<br>Marketing: | Aman Warraich<br>Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

## ਲੇਡੀ ਵਰਕਰ ਦੀ ਲੋੜ

Best Western Hotel (Centennial & Eglinton) ਵਿਚ ਕਲੀਨਿੰਗ ਦਾ ਕੰਮ ਕਰਨ ਲਈ ਲੇਡੀ ਵਰਕਰ ਦੀ ਜ਼ਰੂਰਤ ਹੈ। ਡਿਊਟੀ ਦਾ ਸਮਾਂ 9-5:30 ਹੋਵੇਗਾ।

## ਹੈਂਡੀਮੈਨ ਦੀ ਲੋੜ

ਪਲੰਬਿੰਗ, ਇਲੈਟ੍ਰੀਸ਼ੀਅਨ ਅਤੇ ਕੰਸਟ੍ਰਕਸ਼ਨ ਦਾ ਥੋੜਾ ਬਹੁਤ ਤਜਰਬਾ ਰੱਖਣ ਵਾਲੇ ਹੈਂਡੀਮੈਨ ਦੀ ਲੋੜ ਹੈ। ਤਨਖਾਹ ਹੋਵੇਗੀ $20-22/ਹਰ ਦਿੱਤੀ ਜਾਵੇਗੀ।

**ਸੰਪਰਕ: 416-816-1695**

ਕਾਲ ਕਰਨ ਦਾ ਸਮਾਂ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ

## ਫਾਰਮ ਵਰਕਰ ਦੀ ਲੋੜ

ਨਰਸਰੀ ਅਤੇ ਫਾਰਮਾਂ ਵਿਚ ਕੰਮ ਕਰਨ ਲਈ ਤੁਰੰਤ ਵਰਕਰਾਂ ਦੀ ਲੋੜ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।

**ਮੋਬਾਇਲ: ਪਰਮਿੰਦਰ ਗਰੇਵਾਲ 647-391-1000**
**ਬਲਵੀਰ ਸਰਪੰਚ 289-541-5384**

## ਲੇਡੀਜ਼ ਵਰਕਰ ਦੀ ਲੋੜ

ਵਸਾਗਾ ਬੀਚ ਦੇ ਏਰੀਆ ਵਿਚ ਘਰ ਅਤੇ ਮੋਟਲ ਵਿਚ ਕਲੀਨਿੰਗ ਦਾ ਅਤੇ ਹੋਰ ਛੋਟੇ ਮੋਟੇ ਕੰਮ ਕਰਨ ਲਈ ਲੇਡੀਜ਼ ਵਰਕਰ ਦੀ ਲੋੜ ਹੈ। ਰਹਿਣ ਸਹਿਣ ਅਤੇ ਖਾਣ ਪੀਣ ਦੀ ਸਹੂਲਤ ਉਥੇ ਹੀ ਦਿੱਤੀ ਜਾਵੇਗੀ। ਤਨਖਾਹ ਬਾਰੇ ਅਤੇ ਹੋਰ ਜਾਣਕਾਰੀ ਲੈਣ ਲਈ ਕਾਲ ਕਰੋ :

**705-443-2556**

## ਝੋਨੇ ਦੀ ਬੋਗਸ ਖਰੀਦ: ਪਨਸਪ ਦਾ ਇੰਸਪੈਕਟਰ ਸਸਪੈਂਡ, ਆੜ੍ਹਤੀਏ ਦਾ ਲਾਇਸੰਸ ਰੱਦ

ਪਟਿਆਲਾ, 10 ਅਕਤੂਬਰ (ਪੋਸਟ ਬਿਊਰੋ)- ਸਨੌਰ ਦੀ ਅਨਾਜ ਮੰਡੀ ਵਿਖੇ ਆੜ੍ਹਤੀਏ ਵੱਲੋਂ ਪੰਜਾਬ ਦੀ ਖਰੀਦ ਏਜੰਸੀ ਪਨਸਪ ਨੂੰ ਝੋਨੇ ਦਾ ਬੋਗਸ ਬਿੱਲ ਬਣਾ ਕੇ ਗਲਤ ਪੈਸੇ ਲੈਣ ਦੀ ਕੋਸ਼ਿਸ਼ ਵਿੱਚ ਇੰਸਪੈਕਟਰ ਵੱਲੋਂ ਵਰਤੀ ਅਣਗਹਿਲੀ ਕਾਰਨ ਮੁੱਖ ਦਫਤਰ ਨੇ ਉਸ ਨੂੰ ਵਿਭਾਗ ਦੀਆਂ ਸੇਵਾਵਾਂ ਨੂੰ ਸਸਪੈਂਡ ਕਰ ਦਿੱਤਾ ਤੇ ਮਾਰਕੀਟ ਕਮੇਟੀ ਨੇ ਆੜ੍ਹਤੀਏ ਦੀ ਫਰਮ ਦਾ ਲਾਇਸੈਂਸ ਅਗਲੇ ਹੁਕਮਾਂ ਤਕ ਰੱਦ ਕਰ ਦਿੱਤਾ ਹੈ।

ਇੰਸਪੈਕਟਰ ਦੀ ਅਣਗਹਿਲੀ ਅਤੇ ਆੜ੍ਹਤੀਏ ਵੱਲੋਂ ਧੋਖਾਦੇਹੀ ਦੇ ਦੋਸ਼ ਹੇਠ ਇੰਸਪੈਕਟਰ ਪਨਸਪ ਪਟਿਆਲਾ ਨੇ ਜ਼ਿਲ੍ਹਾ ਪੁਲਸ ਮੁਖੀ ਨੂੰ ਬਣਦੀ ਕਾਰਵਾਈ ਕਰਨ ਲਈ ਲਿਖਿਆ ਹੈ।ਮਾਰਕੀਟ ਕਮੇਟੀ ਪਟਿਆਲਾ ਦੇ ਸੈਕਟਰੀ ਧਰਮਪਾਲ ਸਿੰਘ ਦੀ ਅਗਵਾਈ ਹੇਠ ਅਨਾਜ ਮੰਡੀ ਸਨੌਰ ਵਿਖੇ ਆੜ੍ਹਤੀਆਂ ਦੇ ਫੜ੍ਹਾਂ ਉੱਤੇ ਝੋਨੇ ਦੀ ਜਾਂਚ ਕੀਤੀ ਤਾਂ ਰਿਕਾਰਡ ਦੇ ਅਨੁਸਾਰ 2065.5 ਕੁਇੰਟਲ ਝੋਨੇ ਦੀ ਖਰੀਦ ਪਨਸਪ ਨੇ ਕੀਤੀ ਸੀ ਤੇ ਇਸ ਖਰੀਦ ਦੇ ਬਿੱਲ ਆਨਲਾਈਨ ਏਜੰਸੀ ਨੂੰ ਭੇਜੇ ਗਏ ਸਨ।ਫਰਮ ਦੇ ਫੜ੍ਹਾਂ ਉੱਤੇ ਪਏ ਝੋਨੇ ਦੀ ਪੜਤਾਲ ਕੀਤੀ ਤਾਂ 2065.5 ਕੁਇੰਟਲ ਝੋਨੇ ਦੀ ਥਾਂ 766.25 ਕੁਇੰਟਲ ਝੋਨਾ ਹੀ ਨਿਕਲਿਆ ਅਤੇ 1308.25 ਕੁਇੰਟਲ ਝੋਨੇ ਦੀ ਘਾਟ ਨਿਕਲੀ। ਅਜਿਹਾ ਕਰ ਕੇ ਆੜ੍ਹਤੀਆ ਫਰਮ ਨੇ ਕਾਨੂੰਨ ਦੀ ਉਲੰਘਣਾ ਕਰ ਕੇ ਝੋਨੇ ਦੀ ਵੱਧ ਮਾਤਰਾ ਦੇ ਆਈ ਫਾਰਮ ਜਮ੍ਹਾ ਕਰਵਾ ਕੇ ਖਰੀਦ ਏਜੰਸੀ ਪਨਸਪ ਨਾਲ ਧੋਖਾਦੇਹੀ ਕਰਨ ਦੀ ਕੋਸ਼ਿਸ਼ ਕੀਤੀ ਸੀ। ਖਰੀਦ ਏਜੰਸੀ ਪਨਸਪ ਦੇ ਸਬੰਧਤ ਇੰਸਪੈਕਟਰ ਵੱਲੋਂ ਝੋਨੇ ਦੀ ਖਰੀਦ ਵਿੱਚ ਅਣਗਹਿਲੀ ਕਾਰਨ ਮੰਡੀ ਬੋਰਡ ਦੀ ਰਿਪੋਰਟ ਉੱਤੇ ਮੈਨੇਜਿੰਗ ਡਾਇਰੈਕਟਰ ਪਨਸਪ ਰਵਿੰਦਰ ਕੁਮਾਰ ਨੇ ਇੰਸਪੈਕਟਰ ਨੂੰ ਸਸਪੈਂਡ ਕਰ ਕੇ ਉਨ੍ਹਾਂ ਦੀ ਥਾਂ ਦੂਸਰੇ ਅਧਿਕਾਰੀ ਨੂੰ ਸਨੌਰ ਮੰਡੀ ਵਿਖੇ ਝੋਨੇ ਦੀ ਖਰੀਦ ਲਈ ਤੈਨਾਤ ਕੀਤਾ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated



19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

## ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates



ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਜ਼ੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
CANADIAN GLASS AND WINDOW
SINGH (TOCHI)
416-454-3031
647-784-8240
Email: tochisangha1@hotmail.com

## ਫਾਰਮਾਂ ਵਿਚ ਕੰਮ ਕਰਨ ਲਈ ਕਾਮਿਆਂ ਦੀ ਲੋੜ


ਬਰੈਂਪਟਨ, ਮਿਸੀਸਾਗਾ, ਮਾਲਟਨ, ਮਿਲਟਨ, ਕੈਲੇਡਨ ਤੋਂ ਪਿਕਅਪ। ਵਧੀਆ ਤਨਖਾਹ ਦਿੱਤੀ ਜਾਵੇਗੀ।
ਸੰਪਰਕ: ਅਜੈਬ ਸਹੋਤਾ

**4165618882, 4164544587**

## ਜ਼ਰੂਰ ਜਾਣੋ; ਗਿਆਨ ਗੰਗਾ

।। ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ।।

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਨ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?




ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM
Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
ਜਨ ਤੰਤ੍ਰ: 7:30 PM - 8:30 PM

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge



Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training




ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

BEST CANADIAN TRUCK & FORKLIFT TRAINING CENTRE
Registered as a Private Career College Under the Private Career College Act. 2005
BEST CANADIAN TRUCK & FORKLIFT TRAINING CENTRE



AZ Tractor trailer program
Manual transmission & backup training everyday
We welcome welfare workers & compensation clients
Open Seven Days
Forklift Re-Certification Only $79.00/-
Karnail Singh



416.670.3173 | 905.799.7333
27 Edvac Dr, Brampton, ON L6S 5X8

# ਲੋਕਾਂ ਦੇ ਲੋਕਤੰਤਰੀ ਹੱਕ ਦੀ ਅਦਾਲਤਾਂ ਤੋਂ ਗਾਰੰਟੀ ਦਾ ਫੈਸਲਾ ਅਮਲਾਂ ਨਾਲ ਹੋਊਗਾ



ਜਤਿੰਦਰ ਪੰਨੂ

ਬੀਤੀ ਤਿੰਨ ਅਕਤੂਬਰ ਤੋਂ ਅਗਲਾ ਦਿਨ, ਚਾਰ ਅਕਤੂਬਰ, ਮੇਰੇ ਇਸ ਵਿਸ਼ਵਾਸ ਨੂੰ ਇੱਕ ਵਾਰ ਹੋਰ ਸੱਟ ਮਾਰਨ ਵਾਲਾ ਸੀ ਕਿ ਨਿਆਂ ਪਾਲਿਕਾ ਲੋਕਾਂ ਨੂੰ ਨਿਆਂ ਦੇਣ ਲਈ ਹੁੰਦੀ ਹੈ। ਮੇਰੇ ਇਸ ਵਿਸ਼ਵਾਸ ਨੂੰ ਪਹਿਲਾਂ ਵੀ ਕਈ ਵਾਰ ਏਹੋ ਜਿਹੀ ਸੱਟ ਵੱਜ ਚੁੱਕੀ ਸੀ, ਇਸ ਵਾਰੀ ਇਹ ਸੱਟ ਲਖੀਮਪੁਰ ਖੀਰੀ ਵਿੱਚ ਹੋਈ ਖੂਨੀ ਘਟਨਾ ਦੇ ਅਗਲੇ ਦਿਨ ਭਾਰਤ ਦੀ ਸਭ ਤੋਂ ਵੱਡੀ ਅਦਾਲਤ, ਸੁਪਰੀਮ ਕੋਰਟ, ਦੇ ਜੱਜਾਂ ਦੀ ਸ਼ਬਦਾਵਲੀ ਨਾਲ ਵੱਜੀ ਸੀ। ਭਾਰਤ ਸਰਕਾਰ ਵੱਲੋਂ ਪਿਛਲੇ ਸਾਲ ਧੱਕੇ ਨਾਲ ਪਾਸ ਕੀਤੇ ਗਏ ਤਿੰਨ ਖੇਤੀ ਕਾਨੂੰਨਾਂ ਦਾ ਵਿਰੋਧ ਕਰਦੇ ਕਿਸਾਨ ਆਪਣੀ ਫਸਲ ਅਤੇ ਅਗਲੀ ਨਸਲ ਦੇ ਲਈ ਪਿਛਲੇ ਸਾਢੇ ਬਾਰਾਂ ਮਹੀਨਿਆਂ ਤੋਂ ਪਹਿਲਾਂ ਪੰਜਾਬ ਵਿੱਚ ਸੜਕਾਂ ਉੱਤੇ ਡੇਰੇ ਲਾਈ ਬੈਠੇ ਸਨ, ਫਿਰ ਨਵੰਬਰ ਵਿੱਚ ਭਾਰਤ ਦੀ ਰਾਜਧਾਨੀ ਦਿੱਲੀ ਦੇ ਬਾਰਡਰਾਂ ਉੱਤੇ ਜਾ ਕੇ ਬਹਿਣਾ ਪੈ ਗਿਆ ਸੀ। ਇਸ ਮੁੱਦੇ ਨੂੰ ਲੈ ਕੇ ਸੁਪਰੀਮ ਕੋਰਟ ਦੇ ਜੱਜਾਂ ਨੇ ਇੱਕ ਬੀਬੀ ਅਤੇ ਇੱਕ ਆਪਣੇ ਆਪ ਨੂੰ ਕਿਸਾਨ ਆਗੂ ਬਣਾਈ ਫਿਰਦੇ, ਪਰ ਇਸ ਸੰਘਰਸ਼ ਤੋਂ ਬਾਹਰਲੇ ਵਿਅਕਤੀ ਦੀ ਅਰਜ਼ੀ ਉੱਤੇ ਸੁਣਵਾਈ ਛੋਹ ਰੱਖੀ ਸੀ। ਚਾਰ ਅਕਤੂਬਰ ਨੂੰ ਲਖੀਮਪੁਰ ਖੀਰੀ ਦੀ ਘਟਨਾ ਦੀ ਖਬਰ ਸਾਹਮਣੇ ਪਈ ਸੀ। ਇਸ ਦਾ ਜ਼ਿਕਰ ਕਰ ਕੇ ਸੁਪਰੀਮ ਕੋਰਟ ਦੇ ਜੱਜਾਂ ਨੇ ਇਹ ਗੁੱਸਾ ਝਾੜ ਦਿੱਤਾ ਕਿ ਏਦਾਂ ਕੋਈ ਘਟਨਾ ਵਾਪਰ ਜਾਵੇ ਤਾਂ ਕੋਈ ਜ਼ਿਮੇਵਾਰੀ ਨਹੀਂ ਲੈਂਦਾ ਤੇ ਸੜਕਾਂ ਰੋਕ ਕੇ ਪ੍ਰਦਰਸ਼ਨ ਕਰਨ ਦਾ ਹੱਕ ਸਾਰੇ ਮੰਗੀ ਜਾਂਦੇ ਹਨ। ਜੱਜਾਂ ਨੇ ਇਹ ਗੱਲ ਵੀ ਆਖੀ ਕਿ ਸਾਡੇ ਅੱਗੇ ਸਵਾਲ ਹੈ ਕਿ ਲੋਕਤੰਤਰ ਵਿੱਚ ਵਿਰੋਧ ਪ੍ਰਦਰਸ਼ਨ ਦਾ ਅਧਿਕਾਰ ਪੂਰਨ ਅਧਿਕਾਰ ਹੈ? ਇਹੀ ਨਹੀਂ, ਅਗਲੀ ਗੱਲ ਇਹ ਵੀ ਕਹੀ ਕਿ ਜਦੋਂ ਮੁੱਦਾ ਅਦਾਲਤ ਦੇ ਵਿਚਾਰ ਅਧੀਨ ਹੈ ਤਾਂ ਸੜਕਾਂ ਰੋਕ ਕੇ ਪ੍ਰਦਰਸ਼ਨ ਦਾ ਕੀ ਅਰਥ ਰਹਿ ਜਾਂਦਾ ਹੈ? ਭਾਰਤ ਦੇ ਬਚੇ-ਖੁਚੇ ਲੋਕਤੰਤਰ ਦੀ ਸਭ ਤੋਂ ਵੱਡੀ ਅਦਾਲਤ ਦੇ ਜੱਜਾਂ ਵੱਲੋਂ ਉਠਾਏ ਇਸ ਸਵਾਲ ਨੇ ਸਾਡੇ ਸਾਹਮਣੇ ਵੀ ਕਈ ਸਵਾਲ ਖੜੇ ਕਰ ਦਿੱਤੇ ਹਨ, ਜਿਨ੍ਹਾਂ ਦਾ ਜਵਾਬ ਸਾਨੂੰ ਲੋਕਤੰਤਰ ਤੋਂ ਚਾਹੀਦਾ ਹੈ।

ਪਹਿਲੀ ਗੱਲ ਤਾਂ ਇਹ ਕਿ ਕਿਸਾਨਾਂ ਨੇ ਦਿੱਲੀ ਦੀਆਂ ਸੜਕਾਂ ਨਹੀਂ ਰੋਕੀਆਂ, ਇਹ ਉਨ੍ਹਾਂ ਬਾਰੇ ਝੂਠੀ ਕਥਾ ਪ੍ਰਚਾਰੀ ਜਾਂਦੀ ਹੈ। ਉਹ ਸਿਰਫ ਦੋ ਦਿਨ ਆਪਣੇ ਦੇਸ਼ ਦੀ ਰਾਜਧਾਨੀ ਵਿੱਚ ਰੋਸ ਪ੍ਰਦਰਸ਼ਨ ਕਰਨ ਚੱਲੇ ਸਨ ਤੇ ਕਰੋੜਾਂ ਰੁਪਏ ਦੀ ਲਾਗਤ ਨਾਲ ਬਣਾਏ ਗਏ ਹਾਈਵੇਜ਼ ਨੂੰ ਰੋਕਣ ਦੀ ਕਰਤੂਤ ਦਿੱਲੀ ਦੀ ਪੁਲਸ ਨੇ ਕੇਂਦਰੀ ਹਾਕਮਾਂ ਦੇ ਕਹਿਣ ਉੱਤੇ ਕੀਤੀ ਸੀ, ਕਿਸਾਨਾਂ ਨੇ ਤਾਂ ਸੜਕਾਂ ਰੋਕੀਆਂ ਹੀ ਨਹੀਂ ਸਨ। ਕੋਈ ਬੀਬੀ ਜਾਂ ਕੋਈ ਇੱਕ ਬੰਦਾ ਖੜਾ ਕਰ ਕੇ ਉਸ ਕੋਲੋਂ ਅਦਾਲਤ ਵਿੱਚ ਅਰਜ਼ੀ ਪੇਸ਼ ਕਰਵਾ ਕੇ ਜੱਜਾਂ ਤੋਂ ਕਿਸਾਨਾਂ ਦੇ ਖਿਲਾਫ ਹੁਕਮ ਪਾਸ ਕਰਾਉਣ ਦੇ ਯਤਨਾਂ ਦਾ ਸਭ ਲੋਕਾਂ ਨੂੰ ਪਤਾ ਹੈ, ਪਰ ਜੇ ਜੱਜ ਸਾਹਿਬਾਨ ਨੂੰ ਇਸ ਦਾ ਪਤਾ ਨਹੀਂ ਲੱਗਦਾ ਤਾਂ ਕਿਸਾਨਾਂ ਦਾ ਕੋਈ ਕਸੂਰ ਨਹੀਂ। ਲੋਕਤੰਤਰ ਦੇ ਇਸ ਦੌਰ ਦੇ ਹਾਕਮਾਂ ਨੇ ਕਿਸਾਨਾਂ ਦਾ ਗਲ਼ ਘੁੱਟਣ ਵਾਲੇ ਤਿੰਨ ਕਾਨੂੰਨ ਪਾਸ ਕੀਤੇ ਤਾਂ ਕਿਸਾਨਾਂ ਨੂੰ ਉਨ੍ਹਾਂ ਵਿਰੁੱਧ ਅਤੇ ਆਪਣੇ ਦੇਸ਼ ਦੇ ਇਹੋ ਜਿਹੇ ਹਾਕਮਾਂ ਵਿਰੁੱਧ ਲੋਕਤੰਤਰੀ ਢੰਗ ਨਾਲ ਪ੍ਰਦਰਸ਼ਨ ਦਾ ਪੂਰਾ ਅਧਿਕਾਰ ਹੈ। ਇਹ ਕਾਨੂੰਨ ਅਦਾਲਤਾਂ ਦੇ ਬਣਾਏ ਹੋਏ ਨਹੀਂ, ਸਰਕਾਰ ਨੇ ਬਣਾਏ ਹਨ ਅਤੇ ਲੜਾਈ ਵੀ ਸਰਕਾਰ ਤੇ ਕਿਸਾਨਾਂ ਵਿਚਾਲੇ ਦੀ ਹੈ, ਅਦਾਲਤ ਦਾ ਦਖਲ ਇਸ ਵਿੱਚ ਕੋਈ ਨਹੀਂ ਬਣਦਾ, ਲੋਕਤੰਤਰੀ ਸੰਘਰਸ਼ ਵਿੱਚ ਅਦਾਲਤ ਨੂੰ ਲਿਆਉਣਾ ਹੀ ਨਹੀਂ ਸੀ ਚਾਹੀਦਾ।

ਦੂਸਰੀ ਗੱਲ ਇਹ ਕਿ ਜਦੋਂ ਅਦਾਲਤ ਨੇ ਇਸ ਵਿੱਚ ਦਖਲ ਦੇਣ ਦੀ ਪਹਿਲ ਕੀਤੀ, ਉਹ ਕਿਸਾਨਾਂ ਦਾ ਮਨ ਖੱਟਾ ਕਰਨ ਵਾਲੀ ਸੀ। ਭਾਰਤ ਦੀ ਸੁਪਰੀਮ ਕੋਰਟ ਨੇ ਬੀਤੀ ਬਾਰਾਂ ਜਨਵਰੀ ਦੇ ਦਿਨ ਚਾਰ ਮੈਂਬਰਾਂ ਦੀ ਇੱਕ ਕਮੇਟੀ ਬਣਾ ਕੇ ਇਨ੍ਹਾਂ ਕਾਨੂੰਨਾਂ ਬਾਰੇ ਰਾਏ ਦੇਣ ਲਈ ਕਹਿ ਦਿੱਤਾ, ਪਰ ਜੱਜ ਸਾਹਿਬਾਨ ਨੇ ਕਮੇਟੀ ਵਿੱਚ ਸਾਰੇ ਚਾਰ ਜਣੇ ਉਹ ਹੀ ਸ਼ਾਮਲ ਕੀਤੇ, ਜਿਹੜੇ ਕਾਨੂੰਨ ਪਾਸ ਹੋਣ ਤੋਂ ਪਹਿਲਾਂ ਦੇ ਨਰਿੰਦਰ ਮੋਦੀ ਸਰਕਾਰ ਦੇ ਹੱਕ ਵਿੱਚ ਬੋਲਦੇ ਰਹੇ ਸਨ ਅਤੇ ਜਿਨ੍ਹਾਂ ਦੀ ਸਰਕਾਰ-ਪ੍ਰਸਤੀ ਕਾਰਨ ਉਨ੍ਹਾਂ ਨੂੰ ਕੋਈ ਕਿਸਾਨ ਮਾਨਤਾ ਨਹੀਂ ਦੇ ਸਕਦਾ। ਇਨ੍ਹਾਂ ਵਿੱਚੋਂ ਪੰਜਾਬ ਵਾਲਾ ਤਾਂ ਨਿਖੇਧੀ ਹੁੰਦੀ ਵੇਖ ਕੇ ਪਹਿਲੀ ਸ਼ਾਮ ਨੂੰ ਹੀ ਨਾਂਅ ਵਾਪਸ ਲੈ ਗਿਆ, ਬਾਕੀ ਤਿੰਨ ਜਣੇ ਕਦੇ ਕਿਸਾਨ ਸੰਗਠਨਾਂ ਨੇ ਮਾਹਰ ਨਹੀਂ ਮੰਨੇ ਤਾਂ ਸਾਫ ਹੈ ਕਿ ਅਦਾਲਤ ਨੇ ਕਮੇਟੀ ਬਣਾ ਕੇ ਠੀਕ ਨਹੀਂ ਸੀ ਕੀਤਾ। ਅਦਾਲਤ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ, ਪਰ ਸਤਿਕਾਰ ਕਹਿਣ ਨਾਲ ਨਹੀਂ ਹੋਇਆ ਕਰਦਾ, ਇਸ ਦੇ ਲਈ ਇਨਸਾਫ-ਪਸੰਦੀ ਨਜ਼ਰ ਆਉਣੀ ਚਾਹੀਦੀ ਹੈ।

ਤਾਜ਼ਾ ਮੁੱਦਾ ਲਖੀਮਪੁਰ ਖੀਰੀ ਦਾ ਸੀ, ਜਿਸ ਬਾਰੇ ਸੁਪਰੀਮ ਕੋਰਟ ਦੇ ਜੱਜ ਸਾਹਿਬਾਨ ਨੇ ਕਿਸਾਨ ਸੰਗਠਨਾਂ ਵੱਲੋਂ ਰੋਸ ਪ੍ਰਦਰਸ਼ਨ ਕਰਨ ਦੇ ਅਧਿਕਾਰ ਬਾਰੇ ਵੀ ਕਹਿ ਦਿੱਤਾ ਕਿ ਲੋਕਤੰਤਰ ਵਿੱਚ ਇਹ ਪੂਰਨ ਅਧਿਕਾਰ ਹੋਣਾ ਚਾਹੀਦਾ ਹੈ ਕਿ ਨਹੀਂ। ਉਨ੍ਹਾਂ ਨੇ ਮੀਡੀਏ ਵਿੱਚ ਆ ਚੁੱਕੀ ਇਹ ਸੱਚਾਈ ਗੌਲਣ ਦੀ ਲੋੜ ਨਹੀਂ ਸਮਝੀ ਕਿ ਸੱਤਾ ਦੇ ਨਸ਼ੇ ਵਿੱਚ ਕੇਂਦਰੀ ਗ੍ਰਹਿ ਰਾਜ ਮੰਤਰੀ ਦੇ ਪੁੱਤਰ ਨੇ ਗੱਲਾਂ ਕਰਦੇ ਲੋਕਾਂ ਦੀ ਪਿੱਠ ਵਿੱਚ ਜੀਪ ਮਾਰੀ ਤੇ ਉਨ੍ਹਾਂ ਨੂੰ ਕੁਚਲ ਕੇ ਨਿਕਲ ਗਿਆ ਸੀ। ਜਦੋਂ ਸਾਰਾ 'ਲੋਕਤੰਤਰੀ ਪ੍ਰਬੰਧ' ਆਪਣੇ ਕੇਂਦਰੀ ਮੰਤਰੀ ਦੇ ਕਾਤਲ ਪੁੱਤਰ ਨੂੰ ਬਚਾਉਣ ਰੁੱਝਾ ਸੀ ਤਾਂ ਭਾਰਤ ਦੀ ਸਭ ਤੋਂ ਵੱਡੀ ਅਦਾਲਤ ਦੇ ਜੱਜ ਸਾਹਿਬਾਨ ਨੇ ਅਪਰਾਧ ਦਾ ਨੋਟਿਸ ਲੈਣ ਦੀ ਥਾਂ ਕਿਸਾਨਾਂ ਨੂੰ ਰੋਸ ਪ੍ਰਦਰਸ਼ਨ ਦਾ ਅਧਿਕਾਰ ਹੋਣ ਜਾਂ ਨਾ ਹੋਣ ਦੀ ਬਹਿਸ ਛੇੜਨ ਦਾ ਯਤਨ ਕੀਤਾ ਹੈ। ਉਨ੍ਹਾਂ ਦੇ ਇਸ ਯਤਨ ਨੇ ਭਾਰਤ ਦੇ ਲੋਕਾਂ ਨੂੰ ਬਹੁਤ ਕੁਝ ਏਹੋ ਜਿਹਾ ਹੋਰ ਚੇਤੇ ਕਰਵਾ ਦਿੱਤਾ, ਜਿਹੜਾ ਕਈ ਵਾਰੀ ਚਰਚਾ ਵਿੱਚ ਆ ਚੁੱਕਾ ਸੀ ਅਤੇ ਅਸੀਂ ਮੁੜ-ਮੁੜ ਉਸ ਬਾਰੇ ਚਰਚਾ ਨਹੀਂ ਸੀ ਕਰਨੀ ਚਾਹੁੰਦੇ। ਮਾਣਯੋਗ ਜੱਜ ਸਾਹਿਬਾਨ ਦੇ ਮਾਣਯੋਗ ਵਿਹਾਰ ਦੀਆਂ ਕਈ ਕਹਾਣੀਆਂ ਲੋਕਾਂ ਸਾਹਮਣੇ ਇਸ ਲਈ ਆਉਣੀਆਂ ਚਾਹੀਦੀਆਂ ਹਨ ਕਿ ਉਨ੍ਹਾਂ ਨੂੰ ਲੋਕਤੰਤਰ ਦੇ ਅਦਾਲਤੀ ਪ੍ਰਬੰਧ ਦੀ ਤਸਵੀਰ ਵੀ ਪਤਾ ਲੱਗਦੀ ਰਹੇ।

ਅਸੀਂ ਇੱਕ ਸਵਾਲ ਦਾ ਜਵਾਬ ਅੱਜ ਤੱਕ ਨਹੀਂ ਲੱਭ ਸਕੇ ਕਿ ਇਸੇ ਸੁਪਰੀਮ ਕੋਰਟ ਦੇ ਚਾਰ ਸੀਨੀਅਰ ਜੱਜਾਂ ਨੇ ਇੱਕ ਵਾਰੀ ਆਪਣੇ ਚੀਫ ਜਸਟਿਸ ਦੇ ਖਿਲਾਫ ਖੁੱਲ੍ਹੀ ਪ੍ਰੈੱਸ ਕਾਨਫਰੰਸ ਕਰ ਕੇ ਉਸ ਉੱਤੇ ਪੱਖਪਾਤ ਦੇ ਦੋਸ਼ ਲਾਏ ਸਨ ਅਤੇ ਕਿਹਾ ਸੀ ਕਿ ਉਸ ਦੇ ਵਿਹਾਰ ਨਾਲ ਲੋਕਤੰਤਰ ਨੂੰ ਖਤਰਾ ਹੈ, ਉਨ੍ਹਾਂ ਦੋਸ਼ਾਂ ਦਾ ਫਿਰ ਕੀ ਬਣਿਆ? ਉਨ੍ਹਾਂ ਚਾਰ ਜੱਜਾਂ ਵਿੱਚੋਂ ਸਭ ਤੋਂ ਵੱਧ ਕੌੜਾ ਬੋਲਣ ਵਾਲੇ ਜੱਜ ਨੂੰ ਫਿਰ ਚੀਫ ਜਸਟਿਸ ਵਾਲੀ ਕੁਰਸੀ ਮਿਲ ਗਈ ਤਾਂ ਉਸ ਉੱਤੇ ਕਈ ਦੋਸ਼ ਲੱਗ ਗਏ, ਜਿਨ੍ਹਾਂ ਦੀ ਚਰਚਾ ਦੌਰਾਨ ਉਸ ਦਾ ਵਿਹਾਰ ਭਾਰਤੀ ਲੋਕਤੰਤਰ ਨੂੰ ਇਸ ਵਕਤ ਚਲਾ ਰਹੀ ਸਰਕਾਰ ਦੇ ਬਾਰੇ ਅਚਾਨਕ ਬਦਲ ਗਿਆ। ਇਸ ਦਾ ਕਾਰਨ ਕੀ ਸੀ, ਇਸ ਸਵਾਲ ਦਾ ਜਵਾਬ ਕਦੇ ਨਹੀਂ ਮਿਲਿਆ। ਜਦੋਂ ਚੀਫ ਜਸਟਿਸ ਵਜੋਂ ਉਹ ਸਾਹਿਬ ਰਿਟਾਇਰ ਹੋਏ ਤਾਂ ਉਨ੍ਹਾਂ ਨੂੰ ਜਿਸ ਤਰ੍ਹਾਂ ਰਾਜ ਸਭਾ ਮੈਂਬਰੀ ਤੋਹਫੇ ਵਜੋਂ ਪੇਸ਼ ਕੀਤੀ ਗਈ ਤੇ ਉਸ ਨੇ ਜਿੰਦਾਂ ਦੀ ਚਰਚਾ ਛੇੜੀ, ਉਸ ਨਾਲ ਪੈਦਾ ਹੋਏ ਸਵਾਲਾਂ ਦਾ ਜਵਾਬ ਵੀ ਕਦੀ ਨਹੀਂ ਮਿਲਿਆ। ਉਸ ਤੋਂ ਪਹਿਲੇ ਇੱਕ ਜੱਜ ਸਾਹਿਬਾਨ ਬਾਰੇ ਵੀ ਨਾਲ ਹੀ ਚਰਚਾ ਚੱਲ ਪਈ, ਜਿਨ੍ਹਾਂ ਵਿੱਚੋਂ ਇੱਕ ਜੱਜ ਭੋਪਾਲ ਗੈਸ ਕਾਂਡ ਦੇ ਹਜ਼ਾਰਾਂ ਲੋਕਾਂ ਦੀ ਮੌਤ ਨੂੰ ਟਰੱਕ ਹਾਦਸੇ ਦੇ ਬਰਾਬਰ ਤੋਲ ਕੇ ਉਸ ਕੰਪਨੀ ਨੂੰ ਖੁਸ਼ ਕਰਨ ਪਿੱਛੋਂ ਦੋਸ਼ੀ ਕੰਪਨੀ ਦੇ ਬਣਾਏ ਪੰਜ-ਤਾਰਾ ਹਸਪਤਾਲ ਦਾ ਮੁਖੀ ਜਾ ਬਣਿਆ ਅਤੇ ਸਾਰੀ ਉਮਰ ਲਈ ਸੁਪਰੀਮ ਕੋਰਟ ਦੇ ਜੱਜ ਜਿੰਨੀ ਤਨਖਾਹ ਮਿਲਣ ਲੱਗ ਪਈ ਸੀ। ਉਸ ਦੇ ਖਿਲਾਫ ਦੇਸ਼ ਵਿੱਚ ਬਦਨਾਮੀ ਦੀ ਲਹਿਰ ਚੱਲੀ ਤਾਂ ਉਸ 'ਮਾਣਯੋਗ ਜੱਜ' ਨੂੰ ਅਸਤੀਫਾ ਦੇਣਾ ਪੈ ਗਿਆ ਸੀ।

ਜਿਵੇਂ ਇਹ ਹਫਤਾ ਸੁਪਰੀਮ ਕੋਰਟ ਵਿੱਚ ਸਾਡੇ ਵਿਸ਼ਵਾਸ ਨੂੰ ਸੱਟ ਮਾਰਨ ਨਾਲ ਸ਼ੁਰੂ ਹੋਇਆ ਸੀ, ਸ਼ੁਕਰ ਹੈ ਕਿ ਹਫਤੇ ਦੇ ਅੰਤ ਵਿੱਚ ਸੁਪਰੀਮ ਕੋਰਟ ਦੇ ਮੌਜੂਦਾ ਚੀਫ ਜਸਟਿਸ ਨੇ ਜਿਵੇਂ ਲਖੀਮਪੁਰ ਖੀਰੀ ਦਾ ਕੇਸ ਆਪਣੇ ਹੱਥ ਲਿਆ ਤੇ ਦੋਸ਼ੀ ਧਿਰ ਦੇ ਨਾਲ ਕੇਂਦਰ ਦੀ ਸਰਕਾਰ ਨੂੰ ਖੂੰਜੇ ਲਾਇਆ, ਉਸ ਨੇ ਕੁਝ ਹੌਸਲਾ ਬੰਨ੍ਹਾਇਆ ਹੈ। ਸੁਪਰੀਮ ਕੋਰਟ ਦੇ ਚੀਫ ਜਸਟਿਸ ਨੇ ਉੱਤਰ ਪ੍ਰਦੇਸ਼ ਸਰਕਾਰ ਵੱਲੋਂ ਕੇਂਦਰੀ ਗ੍ਰਹਿ ਰਾਜ ਮੰਤਰੀ ਦੇ ਪੁੱਤਰ ਨੂੰ ਬਚਾਉਣ ਦੇ ਯਤਨਾਂ ਨੂੰ ਬਹੁਤ ਤਿੱਖੀ ਭਾਸ਼ਾ ਵਿੱਚ ਰੱਦ ਕਰ ਕੇ ਕਾਰਵਾਈ ਲਈ ਮਜਬੂਰ ਕੀਤਾ, ਜਿਸ ਨੂੰ ਲੋਕਾਂ ਨੇ ਚੰਗਾ ਸਮਝਿਆ। ਇਸ ਨਾਲ ਜਿਹੜਾ ਪ੍ਰਭਾਵ ਲੋਕਾਂ ਵਿੱਚ ਵੇਖਿਆ ਗਿਆ, ਉਹ ਸਥਾਈ ਨਹੀਂ ਸਮਝਣਾ ਚਾਹੀਦਾ, ਲੋਕਾਂ ਦਾ ਮਨ ਅਦਾਲਤਾਂ ਦੇ ਵਿਹਾਰ ਕਾਰਨ ਅਜੇ ਡਾਵਾਂਡੋਲ ਹੈ ਅਤੇ ਉਹ ਛੇਤੀ ਕੀਤੇ ਇਹ ਮੰਨਣ ਲਈ ਤਿਆਰ ਨਹੀਂ ਹੋ ਰਹੇ ਕਿ ਭਾਰਤ ਦੇ ਲੋਕਤੰਤਰ ਵਿੱਚ ਨਿਆਂ ਦਾ ਆਖਰੀ ਦਰਵਾਜ਼ਾ ਸਿਆਸਤ ਦੇ ਬੇਈਮਾਨ ਧੁਰੰਤਰਾਂ ਤੋਂ ਬਚਿਆ ਰਹਿ ਗਿਆ ਹੈ। ਬੀਤੇ ਸਮੇਂ ਵਿੱਚ ਕਈ ਕੇਸਾਂ ਵਿੱਚ ਲੋਕ-ਮਨਾਂ ਨੂੰ ਸੱਟ ਲੱਗਦੀ ਰਹੀ ਹੈ, ਇਸ ਵਾਰ ਲਖੀਮਪੁਰ ਖੀਰੀ ਦੇ ਖੂਨੀ ਕਾਂਡ ਦੇ ਅਗਲੇ ਦਿਨ ਜਿਵੇਂ ਜੱਜ ਸਾਹਿਬਾਨ ਨੇ ਕਾਤਲਾਂ ਵੱਲ ਸਰਕਾਰ ਦੀ ਲਿਹਾਜਦਾਰੀ ਨੂੰ ਨਿਸ਼ਾਨਾ ਬਣਾਉਣ ਦੀ ਥਾਂ ਪ੍ਰਦਰਸ਼ਨ ਦੇ ਹੱਕ ਨੂੰ ਮੁੱਦਾ ਬਣਾਉਣ ਦੀ ਗੱਲ ਛੋਹੀ ਹੈ, ਉਸ ਦੀ ਗਹਿਰੀ ਸੱਟ ਹੈ। ਸੁਪਰੀਮ ਕੋਰਟ ਦੇ ਮੌਜੂਦਾ ਚੀਫ ਜਸਟਿਸ ਸਾਹਿਬ ਤੋਂ ਲੋਕਾਂ ਨੂੰ ਲੋਕਤੰਤਰ ਵਿੱਚ ਲੋਕਾਂ ਦੇ ਹੱਕਾਂ ਦੀ ਰਖਵਾਲੀ ਦੀ ਆਸ ਹੈ ਅਤੇ ਇਹ ਆਸ ਉਹ ਕਿਸ ਪੜਾਅ ਤੱਕ ਪੁਚਾਉਂਦੇ ਹਨ, ਇਸ ਨਾਲ ਇਸ ਦੇਸ਼ ਦੇ ਲੋਕਾਂ ਦੀ ਅਦਾਲਤਾਂ ਵੱਲ ਆਸਥਾ ਤੈਅ ਹੋਣੀ ਹੈ। ਅਸੀਂ ਭਾਰਤ ਦੇ ਲੋਕ ਉਸ ਸੰਵਿਧਾਨ ਅਧੀਨ ਇਸ ਆਸ ਨਾਲ ਬੱਝੇ ਹੋਏ ਹਾਂ, ਜਿਹੜਾ 'ਅਸੀਂ ਭਾਰਤ ਦੇ ਲੋਕ' ਵਾਲੇ ਸ਼ਬਦਾਂ ਨਾਲ ਸ਼ੁਰੂ ਹੁੰਦਾ ਅਤੇ ਲੋਕਾਂ ਨੂੰ ਉਨ੍ਹਾਂ ਦੇ ਸਾਰੇ ਲੋਕਤੰਤਰੀ ਹੱਕਾਂ ਦੀ ਗਾਰੰਟੀ ਦੇਂਦਾ ਹੈ। ਲੋਕਾਂ ਨੂੰ ਅਦਾਲਤਾਂ ਤੋਂ ਲੋਕਤੰਤਰ ਬਾਰੇ ਚੁਣੌਤੀ ਦੀ ਨਹੀਂ, ਲੋਕਤੰਤਰੀ ਹੱਕਾਂ ਦੀ ਪਹਿਰੇਦਾਰੀ ਦੀ ਆਸ ਰਹਿੰਦੀ ਹੈ, ਪਰ ਆਸ ਪੂਰੀ ਹੋਈ ਜਾਂ ਨਹੀਂ, ਇਸ ਦਾ ਫੈਸਲਾ ਅਮਲਾਂ ਨੇ ਕਰਨਾ ਹੈ।

# ਅੱਸੂ ਆਸਾਂ ਦਾ ਮਹੀਨਾ !

ਅੱਸੂ ਦੇ ਮਹੀਨੇ 'ਤੇ ਵਿਸ਼ੇਸ਼



ਅੱਸੂ ਦਾ ਮਹੀਨਾ ਗਰਮ ਤੇ ਸਰਦ 'ਦੋ ਰੁੱਤਾਂ ਦੇ ਮੇਲ ਦਾ ਸੁਹਾਵਣਾ ਮਹੀਨਾ ਮੰਨਿਆ ਜਾਂਦਾ ਹੈ। ਹਰ ਰੁੱਤ ਦੀ ਸਾਡੇ ਤੇ ਸਾਡੇ ਵਿਰਸੇ-ਵਿਰਾਸਤ ਨਾਲ ਬੜੀ ਡੂੰਘੀ ਸਾਂਝ ਹੈ। ਸਾਲ ਦਾ ਹਰ ਮਹੀਨਾ ਆਪਣੇ ਨਾਲ ਨਵੀਂ ਰੁੱਤ ਲੈ ਕੇ ਆਉਂਦਾ ਹੈ। ਹਰ ਮਹੀਨੇ, ਹਰ ਰੁੱਤ, ਆਪਣੇ ਆਪ ਵਿਚ ਖਾਸ ਹੈ। ਅੱਸੂ ਦਾ ਮਹੀਨਾ ਅੰਗਰੇਜ਼ੀ ਮਹੀਨੇ ਦੇ ਹਿਸਾਬ ਨਾਲ ਅੱਧ ਸਤੰਬਰ ਤੋਂ ਸ਼ੁਰੂ ਹੋ ਅੱਧ ਅਕਤੂਬਰ ਤਕ ਦਾ ਹੁੰਦਾ ਹੈ। ਅੱਸੂ ਦੇ ਮਹੀਨੇ 'ਚ ਜਿੱਥੇ ਰਾਤਾਂ ਮਿੰਨੀਆਂ-ਮਿੰਨੀਆਂ ਠੰਢੀਆਂ ਹੋਈਆਂ ਜਾਪਦੀਆਂ ਹਨ, ਉੱਥੇ ਹੀ ਦਿਨੇ ਧੁੱਪ ਹੁੰਦੀ ਹੈ। ਪ੍ਰੰਤੂ ਅੱਸੂ ਦੇ ਮਹੀਨੇ ਨਾ ਤਾਂ ਬਹੁਤੀ ਗਰਮੀ ਮਹਿਸੂਸ ਹੁੰਦੀ ਹੈ, ਤੇ ਨਾ ਹੀ ਬਹੁਤੀ ਸਰਦੀ, ਤਾਂ ਹੀ ਤਾਂ ਸਾਡੀਆਂ ਲੋਕ ਬੋਲੀਆਂ 'ਚ ਅੱਸੂ ਦੇ ਮਹੀਨੇ ਦਾ ਜਿਕਰ ਕਰਦੇ ਕਿਹਾ ਜਾਂਦਾ ਹੈ ਕਿ 'ਅੱਸੂ ਮਾਹ ਨਿਰਾਲਾ, ਦਿਹੁੰ ਧੁੱਪ ਤੇ ਰਾਤੀਂ ਪਾਲਾ' ਇਸ ਮਹੀਨੇ ਮਿੰਨੀਆਂ-ਮਿੰਨੀਆਂ ਠੰਢੀਆਂ ਰਾਤਾਂ ਸਿਆਲੂ ਰੁੱਤ ਦੇ ਆਗਾਜ਼ ਦੀ ਦਸਤਕ ਦਿੰਦੀਆਂ ਜਾਪਦੀਆਂ ਹਨ। ਇਸ ਮਹੀਨੇ ਹੋਏ ਸੁਹਾਵਣੈ ਮੌਸਮ 'ਚ ਕੁਦਰਤ ਚਹੂ ਪਾਸੀਂ ਹਰਿਆਵਲ ਬਿਖੇਰਦੀ ਨਜ਼ਰ ਆਉਂਦੀ ਹੈ। ਅੱਸੂ ਦਾ ਮਹੀਨਾ ਚੜ੍ਹਦੇ-ਚੜ੍ਹਦੇ ਤਕਰੀਬਨ ਬਰਸਾਤੀ ਮੌਸਮ ਖ਼ਤਮ 'ਹੋ ਚੁੱਕਾ ਹੁੰਦਾ ਹੈ। ਪ੍ਰੰਤੂ ਜੇ ਕਿਧਰੋਂ ਅਸਮਾਨ 'ਚ ਬੱਦਲੀ 'ਆ ਜਾਵੇ ਕਿਸਾਨਾਂ ਦੇ ਸਾਹ-ਸੂਤੇ ਜਾਂਦੇ ਹਨ, ਕਿਉਂ ਕਿ ਅੱਸੂ ਦੇ ਮਹੀਨੇ 'ਚ ਫਸਲਾ ਭਰ-ਜੋਬਨ ਤੇ ਹੁੰਦੀਆਂ ਹਨ ਤੇ ਹਰੀ ਤੋਂ ਸੁਨਿਹਰੀ ਹੁੰਦੇ ਜੀਰੀ ਦੇ ਸਿੱਟੇ ਵਾਤਾਵਰਣ 'ਚ ਆਪਣਾ ਅਲੱਗ ਹੀ ਸੁਨਿਹਰੀ ਦਰਿਸ਼ ਪੇਸ਼ ਕਰਦੇ ਨਜ਼ਰੀ ਪੈਂਦੇ ਹਨ, ਨਾਲ ਹੀ ਸ਼ੁਰੂ ਹੋ ਜਾਂਦੇ ਨੇ ਅੱਸੂ ਦੇ ਮਹੀਨੇ 'ਚ ਤਿਉਹਾਰ ਉਂਜ ਤਾਂ ਸਾਡੇ ਪੰਜਾਬੀ ਸੱਭਿਆਚਾਰ 'ਚ ਸਾਰਾ ਸਾਲ ਹੀ ਕੋਈ ਨਾ ਕੋਈ ਤਿੱਥ, ਤਿਉਹਾਰਾਂ ਅਤੇ ਮੇਲੇ ਆਉਂਦੇ ਰਹਿੰਦੇ ਹਨ ਪ੍ਰੰਤੂ ਅੱਸੂ ਦਾ ਮਹੀਨਾ ਚੜ੍ਹਦੇ ਹੀ ਸਾਡੇ ਸਿਆਲੂ ਰੁੱਤ ਦੇ ਤਿੱਥ -ਤਿਉਹਾਰਾਂ ਦਾ ਆਗਾਜ਼ 'ਹੋ ਜਾਂਦਾ ਹੈ। ਕਈ ਵਾਰ ਸਾਡੀ ਅਰਥ ਹੀਣ ਹੋਈ ਜਿੰਦਗੀ ਨੂੰ ਇਨ੍ਹਾਂ ਮਹੀਨਿਆਂ 'ਚ ਆਏ ਇਹ ਮੌਸਮ, ਇਹ ਤਿੱਥ-ਤਿਉਹਾਰਾਂ ਅਤੇ ਮੇਲੇ ਸਾਡੀ ਜਿੰਦਗੀ ਨੂੰ ਇਕ ਇਹੋ ਜਿਹਾ ਸੰਦੇਸ਼, ਇਕ ਇਹੋ ਜਿਹਾ ਹੁਲਾਰਾ ਦੇ ਜਾਂਦੇ ਹਨ ਕਿ ਸਾਡੀ ਅਰਥ ਹੀਣ ਹੋਈ ਜਿੰਦਗੀ ਅਰਥ ਭਰਭੂਰ ਹੋ ਨਿੱਬੜਦੀ ਹੈ। ਜੇ ਅੱਸੂ ਦੇ ਮਹੀਨੇ 'ਚ ਆਏ ਮੇਲਿਆਂ ਦੀ ਗੱਲ ਕਰੀਏ ਤਾਂ, 12ਵੀਂ ਸਦੀ ਦੇ ਸੂਫੀ ਸੰਤ ਬਾਬਾ ਫ਼ਰੀਦ ਜੀ ਦੀ ਯਾਦ 'ਚ ਫ਼ਰੀਦਕੋਟ (ਪੰਜਾਬ) ਦੀ ਧਰਤੀ ਤੇ ਬੜਾ ਭਾਰੀ ਮੇਲਾ ਲੱਗਦਾ ਹੈ। ਇੱਥੇ ਗੁਰੂਦਵਾਰਾ ਟਿੱਲਾ ਬਾਬਾ ਫ਼ਰੀਦ ਜੀ ਹੈ ਜਿੱਥੇ ਸੰਗਤਾਂ ਨਕ-ਮਸਤਕ ਹੁੰਦੀਆਂ ਹਨ। ਇਸੇ ਤਰਾਂ ਅੱਸੂ ਦੇ ਮਹੀਨੇ 'ਚ ਸ਼੍ਰੀ ਸਿੱਧ ਬਾਬਾ ਸੋਢਲ ਜੀ ਦੇ ਸਥਾਨ ਤੇ ਕਾਫ਼ੀ ਭਾਰੀ ਮੇਲਾ ਭਰਦਾ ਹੈ। ਇਹ ਸਥਾਨ ਪੰਜਾਬ ਦੇ ਸ਼ਹਿਰ ਜਲੰਧਰ ਵਿਚ ਸਤਿਥ ਹੈ। ਇਸ ਮੇਲੇ 'ਚ ਪਹੁਚੇ ਸ਼ਰਧਾਲੂ ਸ਼੍ਰੀ ਸਿੱਧ ਬਾਬਾ ਸੋਢਲ ਜੀ ਦੇ ਸਥਾਨ ਤੇ ਬਣੇ ਮੰਦਿਰ 'ਚ ਹਾਜ਼ਰੀ ਲਵਾਉਂਦੇ ਹਨ। ਅੱਸੂ ਦੇ ਮਹੀਨੇ ਨਾਮਧਾਰੀ ਸਿੱਖ ਸੰਗਤ ਵਲੋਂ ਸ਼੍ਰੀ ਭੈਣੀ ਸਾਹਿਬ, ਲੁਧਿਆਣਾ (ਪੰਜਾਬ) ਦੀ ਧਰਤੀ ਤੇ ਇਕ ਮੇਲੇ ਦਾ ਆਯੋਜਨ ਕੀਤਾ ਜਾਂਦਾ ਹੈ ਜਿਸ ਵਿਚ ਸੰਗਤਾਂ ਕੱਠੀਆਂ 'ਹੋ ਨਾਮ ਸਿਮਰਨ ਕਰਦੀਆਂ ਹਨ, ਸ਼੍ਰੀ ਭੈਣੀ ਸਾਹਿਬ ਲੱਗਣ ਵਾਲੇ ਇਸ ਮੇਲੇ ਨੂੰ 'ਅੱਸੂ ਦਾ ਮੇਲਾ' ਕਿਹਾ ਜਾਂਦਾ ਹੈ। ਇਸੇ ਤਰਾਂ ਮੇਲਾ ਛਪਾਰ ਜੋ ਕਿ ਭਾਰਤ ਦੇ ਅਲੱਗ-ਅਲੱਗ ਪ੍ਰਦੇਸ਼ 'ਚ ਲੱਗਦਾ ਹੈ, ਭਾਦੋਂ ਦੇ ਮਹੀਨੇ ਸ਼ੁਰੂ 'ਹੋ ਅੱਸੂ ਦੇ ਮਹੀਨੇ ਵਿਚ ਸਮਾਪਤ ਹੁੰਦਾ ਹੈ। ਇਹ ਮੇਲਾ ਗੁੱਗਾ ਪੀਰ ਜੀ ਦੀ ਯਾਦ ਵਿਚ ਲੱਗਦਾ ਹੈ, ਜਿਸ ਨੂੰ ਗੋਗਾ ਜੀ ਵੀ ਕਿਹਾ ਜਾਂਦਾ ਹੈ ਅਤੇ ਨਾਗ ਦੇਵਤਾ ਵਜੋਂ ਪੂਜਿਆ ਜਾਂਦਾ ਹੈ। ਇਨ੍ਹਾਂ ਮੇਲਿਆਂ ਤੋਂ ਇਲਾਵਾ ਵੀ ਅੱਸੂ ਦੇ ਮਹੀਨੇ ਕਈ ਧਾਰਮਿਕ ਇਕੱਠ ਹੁੰਦੇ ਹਨ ਜਿਵੇ: ਸ਼੍ਰੀ ਖਡੂਰ ਸਾਹਿਬ ਵਿਖੇ ਸ਼੍ਰੀ ਗੁਰੂ ਅੰਗਦ ਦੇਵ ਜੀ ਦਾ ਗੁਰਤਾਗੱਦੀ ਦਿਵਸ ਮਨਾਇਆ ਜਾਂਦਾ ਹੈ, ਭਾਈ ਘਨੱਈਆ ਜੀ ਦੀ ਬਰਸੀ ਸ਼੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਮਨਾਈ ਜਾਂਦੀ ਹੈ, ਸ਼੍ਰੀ ਗੋਇੰਦਵਾਲ ਸਾਹਿਬ ਦਾ ਜੋੜ ਮੇਲਾ, ਸ਼੍ਰੀ ਦੁਰਗਾ ਅਸ਼ਟਮੀ ਜੀ ਦੀ ਪੂਜਾ, ਮੇਲਾ ਜਵਾਲਾ ਮੁਖੀ ਜੀ ਤੇ ਤਾਰਾ ਦੇਵੀ ਜੀ ਹਿਮਾਚਲ ਪ੍ਰਦੇਸ਼ 'ਚ ਮਨਾਇਆ ਜਾਂਦਾ ਹੈ, ਅਤੇ ਇਸੇ ਅੱਸੂ ਦੇ ਮਹੀਨੇ ਸ਼ਰਾਧ ਸ਼ੁਰੂ ਹੋਕੇ ਖਤਮ ਹੁੰਦੇ ਹਨ, ਨੌਂ ਨਰਾਤਿਆਂ ਦਾ ਆਗਮਨ ਵੀ ਅੱਸੂ ਦੇ ਮਹੀਨੇ ਵਿੱਚ ਹੀ ਹੁੰਦਾ ਹੈ ਤੇ ਦੀਵਾਲੀ ਤੋਂ ਵੀਹ ਦਿਨ ਪਹਿਲਾਂ ਬਦੀ ਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ ਵੀ ਇਸੇ ਅੱਸੂ ਦੇ ਮਹੀਨੇ ਵਿੱਚ ਹੀ ਆਉਂਦਾ ਹੈ।ਅੱਸੂ ਦੇ ਮਹੀਨੇ ਵਿੱਚ ਬਹੁਤ ਸਾਰੇ ਤਿਉਹਾਰਾਂ ਦੀ ਆਮਦ ਹੋਣ ਕਰਕੇ ਅੱਸੂ ਦੇ ਮਹੀਨੇ ਨੂੰ ਭਾਗਾਂ ਵਾਲਾ ਦੇਸੀ ਮਹੀਨਾ ਮੰਨਿਆ ਜਾਂਦਾ ਹੈ।

*ਅੱਸੂ ਆਸਾਂ ਦਾ ਮਹੀਨਾ ਇੰਜ ਛੜੀਦਾ ਹੋ ਚੀਨਾ,*
*ਅਸੀਂ ਬਕਲੀਆਂ ਧਰੀਆਂ ਪੱਟ ਚੂਪੀਆਂ ਵੀ ਚਰੀਆਂ,*
*ਸਾਡੇ ਖੇਤੀਂ ਸਿੱਟੇ ਪੱਕੇ ਤੇ ਕਪਾਹ ਪਈ ਹੱਸੇ,*



ਹਰਮਨਪ੍ਰੀਤ ਸਿੰਘ
ਸਰਹਿੰਦ,
ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ,
9855010005

*ਮੱਕੀਆਂ ਨੇ ਕੱਢੇ ਬਾਬੂ ਹੋਇਆ ਜੋਬਨ ਬੇ-ਕਾਬੂ,*
*ਹਰ ਟਾਹਣੀ ਮੂੰਹ ਚੁੱਕ ਜਿਵੇਂ ਹਰੀ ਭਰੀ ਕੁੱਖ,*
ਵਾਂਗ ਫਨੀਅਰ ਮੇਲੇ ਪਏ ਘੂਕਣ ਗਲੇਲੇ।(ਗਿਆਨੀ ਗੁਰਦਿੱਤ ਸਿੰਘ)

ਅੱਸੂ ਦੇ ਮਹੀਨੇ ਨੂੰ ਆਸਾਂ ਦਾ ਮਹੀਨਾ ਵੀ ਕਿਹਾ ਜਾਂਦਾ ਹੈ, ਕਿਉ ਕਿ ਇਸ ਮਹੀਨੇ ਕਈ ਫਸਲਾ ਪੱਕ ਚੁੱਕੀਆਂ ਹੁੰਦੀਆਂ ਹਨ ਤੇ ਕਈ ਪੱਕਣ ਦੀ ਤਿਆਰੀ 'ਚ ਹੁੰਦੀਆਂ ਹਨ। ਜਿਵੇਂ ਤਿਉਹਾਰਾਂ ਦੀ ਆਮਦ ਇਸ ਮਹੀਨੇ ਹੁੰਦੀ ਹੈ, ਉਵੇਂ ਹੀ ਫ਼ਸਲ ਦੀ ਆਮਦ ਵੀ ਇਸੇ ਮਹੀਨੇ ਤੋਂ ਹੋਣੀ ਸ਼ੁਰੂ ਹੋ ਜਾਂਦੀ ਹੈ। ਅੱਸੂ ਦੇ ਮਹੀਨੇ 'ਚ ਆਈ ਫ਼ਸਲ ਦੇਖ ਕਿਸਾਨਾਂ, ਮਜਦੂਰਾਂ ਦੀਆ ਆਸਾਂ ਨੂੰ ਵੀ ਬੂਰ ਪੈਣਾ ਸ਼ੁਰੂ ਹੋ ਜਾਂਦਾ ਹੈ ਤੇ ਮਨ ਹੀ ਮਨ ਆਉਂਦੇ ਸਿਆਲ ਤੋਂ ਪਹਿਲਾਂ-ਪਹਿਲਾਂ ਘਰੇਲੂ ਕਾਰ-ਵਿਹਾਰ ਨੇਪਰੇ ਚਾੜ੍ਹਨ ਦੇ ਨਾਲ -ਨਾਲ ਅਗਲੀ ਫ਼ਸਲ ਦੀ ਬਿਜਾਈ ਦੀਆ ਵੀ ਵਿਉਂਤਾਂ ਬਣਾਉਣ ਲੱਗ ਪੈਂਦੇ ਹਨ। ਪੰਜਾਬ ਖੇਤੀ ਪ੍ਰਧਾਨ ਪ੍ਰਦੇਸ਼ ਹੋਣਾ ਕਾਰਨ ਇੱਥੇ ਵੱਸਦੇ ਕਿਸਾਨ, ਮਜਦੂਰ, ਆੜਤੀ ਅਤੇ ਕਾਰੋਬਾਰੀ ਵਪਾਰੀ ਸਭ ਖੇਤੀ ਆਮਦਨ ਤੇ ਨਿਰਭਰ ਹਨ ਜੋ ਕਿਸਾਨ ਦੇ ਖੇਤ 'ਚੋ ਹੁੰਦੀ ਹੋਈ ਪੂਰੇ ਬਜ਼ਾਰ 'ਚ ਘੁੰਮਦੀ ਹੈ। ਫ਼ਸਲੀ ਪੈਸਾ ਹੱਥ ਆਉਣਾ ਨਾਲ ਜਿੱਥੇ ਅੱਸੂ ਦੇ ਮਹੀਨੇ ਆਏ ਤਿਉਹਾਰ ਮਨਾਏ ਜਾਂਦੇ ਹਨ ਉੱਥੇ ਹੀ ਠੰਡੀ-ਮਿੱਠੀ ਰੁੱਤ ਹੋਣ ਕਾਰਨ ਵਿਆਹ, ਮੁਕਲਾਵਿਆਂ ਦੀਆਂ ਤਿਆਰੀਆਂ ਵੀ ਜ਼ੋਰ ਫੜਨ ਲੱਗਦੀਆਂ ਹਨ। ਇਕ ਲੋਕ ਗੀਤ 'ਚ ਮੁਟਿਆਰ ਆਪਣੇ ਬਾਬਲ ਨੂੰ ਇਉਂ ਕਹਿੰਦੀ ਹੈ :

*ਮੈਂ ਤੈਨੂੰ ਆਖਦੀ ਬਾਬਲਾ, ਮੇਰਾ ਅੱਸੂ ਦਾ ਕਾਜ ਰਚਾ ਵੇ ਹਾਂ ।*
*ਤੇਰਾ ਅੰਨ ਨਾ ਤਰੱਕੇ ਕੋਠੜੀ, ਤੇਰਾ ਦਹੀਂ ਨਾ ਅਮਲਾ ਜਾਵੇ ।*
*ਬਾਬਲ ਮੈਂ ਬੇਟੀ ਮੁਟਿਆਰ, ਵੇ ਬਾਬਲ ਧਰਮੀ, ਮੈਂ ਬੇਟੀ ਮੁਟਿਆਰ।*

ਪੁਰਾਤਨ ਸਮਿਆਂ 'ਚ ਅੱਸੂ ਦੇ ਮਹੀਨੇ ਨੂੰ ਵਿਆਹ-ਸ਼ਾਦੀਆਂ ਲਈ ਚੰਗਾ ਸਮਝਿਆ ਜਾਂਦਾ ਸੀ, ਕਿਉਂ ਕਿ ਵਿਆਹ-ਸ਼ਾਦੀਆਂ ਲਈ ਬਣੀਆ ਮਠਿਆਈਆ, ਸਬਜ਼ੀਆਂ- ਭਾਜੀਆਂ ਤੇ ਦੁੱਧ,ਦਹੀ ਖ਼ਰਾਬ ਹੋਣ ਦਾ ਖ਼ਤਰਾ ਘੱਟ ਹੁੰਦਾ ਸੀ। ਉਨ੍ਹਾਂ ਸਮਿਆਂ 'ਚ ਖਾਨ-ਪੀਣ ਦਾ ਇੰਨਾ ਸਮਾਨ ਸਾਂਭ-ਸੰਭਾਲ ਲਈ ਢੁਕਵੇਂ ਸਾਧਣ ਨਹੀਂ ਸਨ ਹੁੰਦੇ, ਇਸ ਲਈ ਬਹੁਤੇ ਕਾਰ-ਵਿਹਾਰ ਮੌਸਮਾਂ ਨੂੰ ਦੇਖਕੇ ਹੀ ਕਰਨੇ ਪੈਂਦੇ ਸਨ। ਅੱਸੂ ਦੇ ਮਹੀਨੇ ਰਾਤਾਂ ਨੂੰ ਪੈਂਦੀ ਤਰੇਲ ਮੌਸਮ ਨੂੰ ਠੰਡਾ ਕਰ ਦਿੰਦੀ। ਅੱਸੂ ਮਨੁੱਖੀ ਮਨ 'ਚ ਪ੍ਰੇਮ ਪੈਦਾ ਕਰਨ ਵਾਲਾ ਮਹੀਨਾ ਮੰਨਿਆ ਜਾਂਦਾ ਹੈ। ਮਨੁੱਖੀ ਮਨ ਤੇ ਮੌਸਮਾਂ ਦਾ ਅਸਰ ਬਹੁਤ ਜਲਦੀ ਪੈਂਦਾ ਹੈ, ਅੱਸੂ ਦੇ ਮਹੀਨੇ ਠੰਡੀ-ਮਿੱਠੀ ਰੁੱਤ ਹੋਣ ਕਾਰਨ ਮਨੁੱਖੀ ਮਨ 'ਚ ਮਿਲਾਪ ਦੀ ਤਾਂਘ ਪੈਦਾ ਹੁੰਦੀ ਹੈ, ਉਹ ਮਿਲਾਪ ਦੀ ਤਾਂਘ ਦੁਨਿਆਵੀ ਰਿਸ਼ਤਿਆਂ ਤੋਂ ਇਲਾਵਾ, ਉਸ ਪ੍ਰਮੇਸ਼ਵਰ, ਉਸ ਪ੍ਰਭੂ ਪਿਆਰੇ ਦੇ ਮਿਲਾਪ ਦੀ ਤਾਂਘ ਵੀ ਹੋ ਸਕਦੀ ਹੈ। ਜਿਨ੍ਹਾਂ ਆਪਣੇ ਪੁਰਖਿਆਂ ਦੀ ਸੰਗਤ 'ਚ ਬੀਤੇ ਵੇਲਿਆਂ ਦੌਰਾਨ ਇਨ੍ਹਾਂ ਦੇਸੀ ਮਹੀਨਿਆਂ ਦਾ ਅਨੰਦ ਮਾਣਿਆ ਹੋਵੇਗਾ, ਉਹ ਅੱਜ ਆਪਣੀ ਉਮਰ ਦੇ ਇਸ ਪੜਾਅ ਤੇ ਪਹੁੰਚ ਜਰੂਰ ਮਹਿਸੂਸ ਕਰਦੇ ਹੋਣਗੇ, ਕਿ ਅਸੀਂ ਬਹੁਤ ਕੁਝ ਪਿੱਛੇ ਛੱਡ ਆਏ ਹਾਂ ਪ੍ਰੰਤੂ ਉਹ ਖੱਟੀਆਂ -ਮਿੱਠੀਆਂ ਕੀਮਤੀ ਯਾਦਾਂ ਅੱਜ ਵੀ ਨਾਲ ਹਨ।

## ਹਲਕਾ ਫੁਲਕਾ

ਸਾੜ੍ਹੀ ਦੀ ਦੁਕਾਨ ਉੱਤੇ ਔਰਤਾਂ ਨੂੰ ਬੱਸ ਦੋ ਹੀ ਗੱਲਾਂ ਕਹਿੰਦੇ ਦੇਖਿਆ ਜਾਂਦਾ ਹੈ।
1.ਇਸੇ ਡਿਜ਼ਾਈਨ ਵਿੱਚ ਦੂਸਰਾ ਕਲਰ ਦਿਖਾਓ ਵੀਰ ਜੀ ਅਤੇ...
2. ਇਸੇ ਕਲਰ ਵਿੱਚ ਦੂਸਰਾ ਡਿਜ਼ਾਈਨ ਦਿਖਾਓ ਵੀਰ। ਵਿਚਾਰੇ ਵੀਰਾ...

*******

ਇੱਕ ਪਿੰਡ ਦਾ ਲੜਕਾ ਦਿੱਲੀ ਨੌਕਰੀ ਕਰਨ ਗਿਆ। ਛੁੱਟੀਆਂ ਵਿੱਚ ਪਿੰਡ ਆਇਆ ਤਾਂ ਆਪਣੇ ਦੋਸਤਾਂ ਨੂੰ ਸ਼ਹਿਰ ਦੇ ਕਿੱਸੇ ਸੁਣਾਉਂਦੇ ਹੋਏ ਕਹਿਣ ਲੱਗਾ, ''ਪਤਾ ਹੈ ਜਿੰਨੀ ਭੀੜ ਦਿੱਲੀ ਵਾਲਿਆਂ ਦੇ ਵਿਆਹ ਵਿੱਚ ਹੁੰਦੀ ਹੈ, ਉਸ ਤੋਂ ਵੱਧ ਭੀੜ ਤਾਂ ਸਾਡੇ ਇੱਥੇ ਪਿੰਡ ਵਿੱਚ ਤਦ ਹੁੰਦੀ ਹੈ, ਜਦ ਖਰਾਬ ਟਰਾਂਸਫਾਰਮਰ ਠੀਕ ਹੋ ਰਿਹਾ ਹੁੰਦਾ ਹੈ।''

*******

ਸੁਨੀਲ ਨੇ ਕਸਟਮਰ ਕੇਅਰ ਨੂੰ ਫੋਨ ਕੀਤਾ...
''ਮੇਰੇ ਫੋਨ ਦਾ ਬਿੱਲ ਜ਼ਿਆਦਾ ਆਇਆ ਹੈ, ਇੰਨੀ ਤਾਂ ਮੈਂ ਗੱਲ ਵੀ ਨਹੀਂ ਕੀਤੀ ਹੈ...।''
ਕਸਟਮਰ ਕੇਅਰ ਵਾਲੀ ਬੀਬੀ ਨੇ ਪੁੱਛਿਆ, ''ਤੁਹਾਡਾ ਪਲਾਨ ਕੀ ਹੈ...?''
ਪੱਪੂ, ''ਅਜੇ ਤਾਂ ਮਾਰਕੀਟ ਆਇਆ ਹਾਂ, ਸ਼ਾਮ ਨੂੰ ਦੋਸਤਾਂ ਦੀ ਮਹਿਫਲ, ਤੁਸੀਂ ਆਪਣਾ ਦੱਸੋ?''





# ਭਗਵੰਤ ਮਾਨ ਨੇ ਨੌਕਰੀਆਂ ਵਿੱਚ ਪੰਜਾਬੀਆਂ ਲਈ ਕੋਟਾ ਰਾਖਵਾਂ ਕਰਨ ਦੀ ਮੰਗ ਚੁੱਕੀ

ਚੰਡੀਗੜ੍ਹ, 10 ਅਕਤੂਬਰ (ਪੋਸਟ ਬਿਊਰੋ)- ਆਮ ਆਦਮੀ ਪਾਰਟੀ ਦੇ ਪ੍ਰਧਾਨ ਭਗਵੰਤ ਮਾਨ ਨੇ ਦੋਸ਼ ਲਾਇਆ ਹੈ ਕਿ ਪਿਛਲੇ ਤੀਹ ਸਾਲਾਂ ਤੋਂ ਪੰਜਾਬ ਦੀਆਂ ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ ਨੇ ਸੂਬੇ ਦੇ ਨੌਜਵਾਨਾਂ ਲਈ ਸਰਕਾਰੀ ਤੇ ਪ੍ਰਾਈਵੇਟ ਖੇਤਰ ਵਿੱਚ ਨੌਕਰੀਆਂ ਸੁਰੱਖਿਅਤ ਰੱਖਣ ਦੇ ਲਈ ਕੋਈ ਨੀਤੀ ਨਾ ਬਣਾਈ ਹੋਣ ਕਾਰਨ ਪੰਜਾਬ ਦੀਆਂ ਸਰਕਾਰੀ ਅਤੇ ਪ੍ਰਾਈਵੇਟ ਨੌਕਰੀਆਂ ਉੱਤੇ ਹੋਰ ਰਾਜਾਂ ਦੇ ਲੋਕ ਕਾਬਜ਼ ਹੋ ਜਾਂਦੇ ਹਨ।

ਭਗਵੰਤ ਮਾਨ ਨੇ ਪੀ ਐਸ ਟੀ ਸੀ ਐਲ (ਪੰਜਾਬ ਸਟੇਟ ਟਰਾਂਸਮਿਸ਼ਨ)ਦੀਆਂ ਵੱਖ-ਵੱਖ ਪੋਸਟਾਂਦੀ ਮੈਰਿਟ ਸੂਚੀ ਵਿੱਚ51 ਤੋਂ ਲੈ ਕੇ 71 ਫੀਸਦੀ ਤਕ ਹੋਰ ਰਾਜਾਂ ਦੇ ਉਮੀਦਵਾਰਾਂ ਦੇ ਨਾਂਅ ਆਉਣਾ ਇਸ ਦੀ ਤਾਜ਼ਾ ਮਿਸਾਲ ਕਿਹਾ ਹੈ। ਪੀ ਐਸ ਟੀ ਸੀ ਐਲਵਿੱਚ ਵੱਖ-ਵੱਖ ਪੋਸਟਾਂ ਲਈ ਭਰਤੀ ਪ੍ਰਕਿਰਿਆ ਚੱਲ ਰਹੀ ਹੈ ਅਤੇ ਇਨ੍ਹਾਂ ਨੌਕਰੀਆਂ ਲਈ ਬਣੀ ਸੂਚੀ ਵਿੱਚ ਹੋਰ ਰਾਜਾਂ ਦੇ ਉਮੀਦਵਾਰ 71 ਫੀਸਦੀ ਤਕ ਨੌਕਰੀਆਂ ਲੈਣ ਵਿੱਚ ਸਫਲ ਹੋ ਗਏ ਹਨ। ਮਾਨ ਨੇ ਦੱਸਿਆ, 'ਪੀ ਐਸ ਟੀ ਸੀ ਐਲ ਵੱਲੋਂ ਬਣਾਈ ਸੂਚੀ ਅਨੁਸ-ਾਰ ਜਨਰਲ ਵਰਗ ਦੇ ਸਹਾਇਕ ਲਾਇਨਮੈਨਾਂ ਦੀਆਂ ਕੁੱਲ 95 ਪੋਸਟਾਂ ਵਿੱਚੋਂ 64 ਉੱਤੇ ਹੋਰ ਰਾਜਾਂ ਵਾਲੇ(67 ਫੀਸਦੀ)ਕਾਬਜ਼ ਹੋ



ਗਏਹਨ। ਇਸੇ ਤਰ੍ਹਾਂ ਸਹਾਇਕ ਸਬ ਸਟੇਸ਼ਨ ਅਟੈਂਡੈਂਟ ਦੀਆਂ 39 ਪੋਸਟਾਂ ਵਿੱਚੋਂ 28 ਹੋਰ ਰਾਜਾਂ ਦੇ ਉਮੀਦਵਾਰ ਲੈ ਗਏ, ਜੋ 71.70 ਫੀਸਦੀ ਬਣੇ ਹਨ। ਜੇ ਈ ਸਬ ਸਟੇਸ਼ਨ ਦੀਆਂ 54 ਪੋਸਟਾਂ ਵਿੱਚੋਂ 28 (ਭਾਵ 52 ਫੀਸਦੀ)ਪੋਸਟਾਂ ਅਤੇ ਸਹਾਇਕ ਇੰਜੀਨੀਅਰ ਦੀਆਂ 11 ਪੋਸਟਾਂ ਵਿੱਚੋਂ ਚਾਰ (ਭਾਵ 36 ਫੀਸਦੀ) ਨੌਕਰੀਆਂ ਹੋਰਨਾਂ ਸੂਬਿਆਂ ਦੇ ਲੋਕ ਲੈ ਗਏ।' ਭਗਵੰਤ ਮਾਨ ਨੇ ਕਿਹਾ ਕਿ ਕਾਂਗਰਸ ਨੇ ਵੋਟਾਂ ਲੈਣ ਲਈ ਘਰ-ਘਰ ਨੌਕਰੀਆਂ ਦੇਣ ਦਾ ਵਾਅਦਾ ਪੰਜਾਬੀਆਂ ਨਾਲ ਕੀਤਾ ਸੀ, ਪਰ ਨੌਕਰੀਆਂ ਹੋਰ ਰਾਜਾਂ ਦੇ ਨੌਜਵਾਨਾਂ ਨੂੰ ਦੇ ਰਹੇ, ਜਿਸ ਤੋਂ ਸਾਫ ਹੈ ਕਿ ਪੰਜਾਬ ਅਤੇ ਪੰਜਾਬ ਦੇ ਲੋਕਾਂ ਦੇ ਹਿੱਤ ਇਨ੍ਹਾਂ ਦੇ ਏਜੰਡੇ ਉੱਤੇ ਨਹੀਂ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਰਾਜਸਥਾਨ ਵਿੱਚ ਜ਼ਮੀਨ ਤਕ ਨਹੀਂ ਲੈ ਸਕਦੇ, ਪਰ ਪੰਜਾਬ ਅਤੇ ਪੰਜਾਬ ਦੇ ਨੌਜਵਾਨਾਂ ਦੇ ਹੱਕ ਮਾਰ ਕੇ ਦੂਜੇ ਰਾਜਾਂ ਦੇ ਲੋਕ ਇੱਥੇ ਖੇਤੀ ਯੋਗ ਜ਼ਮੀਨ ਵੀ ਲੈ ਸਕਦੇ ਹਨ ਅਤੇ ਨੌਕਰੀਆਂ ਵੀ ਸਾਂਭ ਸਕਦੇ ਹਨ। ਉਨ੍ਹਾ ਕਿਹਾ ਕਿ ਜੇ ਪੰਜਾਬ ਦੀਆਂ ਸਰਕਾਰਾਂ ਜਾਗਦੀਆਂ ਹੁੰਦੀਆਂ ਤਾਂ ਸਰਕਾਰੀ ਅਤੇ ਪ੍ਰਾਈਵੇਟ ਖੇਤਰ ਦੀਆਂ ਨੌਕਰੀਆਂ ਵਿੱਚ ਪੰਜਾਬ ਦੇ ਨੌਜਵਾਨਾਂ ਲਈ ਰਾਖਵਾਂਕਰਨ ਲਾਗੂ ਕਰ ਦਿੱਤਾ ਹੁੰਦਾ। ਉਨ੍ਹਾਂ ਦੱਸਿਆ ਕਿ ਹੋਰ ਰਾਜਾਂ, ਜਿਵੇਂ ਹਰਿਆਣਾ, ਛੱਤੀਸਗੜ੍ਹ, ਹਿਮਾਚਲ ਪ੍ਰਦੇਸ਼, ਮੱਧ ਪ੍ਰਦੇਸ਼ ਮਹਾਰਾਸ਼ਟਰ ਨੇ ਆਪਣੇ ਸੂਬੇ ਦੇ ਨੌਜਵਾਨਾਂ ਲਈ ਅੱਸੀ ਫੀਸਦੀ ਤਕ ਨੌਕਰੀਆਂ ਦਾ ਕੋਟਾ ਸੁਰੱਖਿਅਤ (ਰਿਜ਼ਰਵ) ਕੀਤਾ ਹੋਇਆ ਹੈ।

# ਪੰਜਾਬ ਦੇ ਕਈ ਵਿਭਾਗ ਕਰਮਚਾਰੀਆਂ ਨੂੰ ਸੇਵਾ ਕਾਲ ਦਾ ਵਾਧਾ ਦੇ ਕੇ ਡੰਗ ਟਪਾਉਣ ਲੱਗੇ


ਗੁਰਦਾਸਪੁਰ, 10 ਅਕਤੂਬਰ (ਪੋਸਟ ਬਿਊਰੋ)- ਪੰਜਾਬ ਦੇ ਜਲ ਸਰੋਤ ਵਿਭਾਗ ਵਿੱਚ ਉਚ ਅਧਿਕਾਰੀਆਂ ਨੂੰ ਸੇਵਾ ਕਾਲ ਵਿੱਚ ਕਈ ਵਾਰ ਵਾਧਾ ਦਿੱਤਾ ਗਿਆ ਹੈ। ਵਿਭਾਗ ਨੇ30 ਸਤੰਬਰ 2021 ਨੂੰ ਤਿੰਨ ਪੱਤਰ ਜਾਰੀ ਕਰ ਕੇ ਲੁਧਿਆਣਾ ਤੇ ਅੰਮ੍ਰਿਤਸਰ ਵਿਚਲੇ ਦੋ ਨਿਗਰਾਨ ਇੰਜੀਨੀਅਰਾਂ ਨੂੰ ਸੇਵਾ ਕਾਲ ਤੋਂ ਬਾਅਦ ਫਿਰ ਠੇਕੇ ਉੱਤੇਰੱਖ ਲਿਆ ਹੈ। ਇਸੇ ਤਰ੍ਹਾਂ 11 ਕਾਰਜਕਾਰੀ ਇੰਜੀਨੀਅਰਾਂ ਨੂੰ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਸੇਵਾਮੁਕਤੀ ਪਿੱਛੋਂ ਠੇਕੇ ਉੱਤੇਰੱਖਿਆ ਹੈ। ਇਸ ਤੋਂ ਇਲਾਵਾ 24 ਡਰਾਫਟਸਮੈਨਾਂ ਨੂੰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸੇਵਾਮੁਕਤੀ ਪਿੱਛੋਂ ਰੱਖਿਆ ਹੈ।

ਹੈਰਾਨੀ ਦੀ ਗੱਲ ਹੈ ਕਿ ਪੱਤਰ ਵਿੱਚ ਇਹ ਲਿਖਿਆ ਗਿਆ ਹੈ ਕਿ ਪੰਜਾਬ ਵਿੱਚ ਚੱਲ ਰਹੇ ਵੱਖ-ਵੱਖ ਪ੍ਰੋਜੈਕਟਾਂ ਨੂੰ ਸਮੇਂ ਉੱਤੇ ਮੁਕੰਮਲ ਕਰਨ ਲਈ ਸਟਾਫ ਦੀ ਘਾਟ ਕਾਰਨ ਇਨ੍ਹਾਂ ਮੁਲਾਜ਼ਮਾਂ ਨੂੰ ਸੇਵਾਮੁਕਤੀ ਤੋਂ ਬਾਅਦ ਫਿਰ ਨਿਯੁਕਤ ਕੀਤਾ ਜਾ ਰਿਹਾ ਹੈ। ਵਿਭਾਗ ਕੋਲ ਸਟਾਫ ਦੀ ਘਾਟ ਹੈ ਤਾਂ ਨਵੀਂ ਭਰਤੀ ਕਿਉਂ ਨਹੀਂ ਕੀਤੀ ਜਾਂਦੀ? ਮੋਟੀਆਂ ਤਨਖਾਹਾਂ ਤੇ ਪੈਨਸ਼ਨਾਂ ਲੈਣ ਵਾਲੇ ਮੁਲਾਜ਼ਮਾਂ ਨੂੰ ਹੀ ਦੁਬਾਰਾ ਇਹ ਮੌਕਾ ਕਿਉਂ ਦਿੱਤਾ ਜਾਂਦਾ ਹੈ, ਜਦ ਕਿ ਪੰਜਾਬ ਵਿੱਚ ਯੋਗਤਾ ਰੱਖਦੇ ਅਨੇਕਾਂ ਨੌਜਵਾਨ ਬੇਰੁਜ਼ਗਾਰ ਹਨ। ਏਦਾਂ ਇੱਕ ਵਿਭਾਗ ਵਿੱਚ ਨਹੀਂ, ਪੰਜਾਬ ਦੇ ਕਈ ਵਿਭਾਗਾਂ ਵਿੱਚ ਚੱਲਦਾ ਹੈ।

ਪੰਜਾਬ ਦੇ ਸਿੱਖਿਆ ਵਿਭਾਗ ਵਿੱਚ ਨਾਨ ਟੀਚਿੰਗ ਪੋਸਟਾਂ ਨੂੰ ਵੱਡੇ ਪੱਧਰ ਉੱਤੇ ਖਤਮ ਕਰਨ ਦੀ ਕੋਸ਼ਿਸ਼ ਪਿਛਲੇ ਕਈ ਸਾਲਾਂ ਤੋਂ ਚੱਲ ਰਹੀ ਹੈ। 2018 ਵਿੱਚ ਸਿੱਖਿਆ ਸੈਕਟਰੀ ਕ੍ਰਿਸ਼ਨ ਕੁਮਾਰ ਵੱਲੋਂ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਕਲਰਕਾਂ ਨੂੰ ਦੋ-ਦੋ ਅਤੇ ਤਿੰਨ-ਤਿੰਨ ਸਕੂਲਾਂ ਦਾ ਵਾਧੂ ਚਾਰਜ ਦੇਕੇ ਸਕੂਲਾਂ ਵਿੱਚ ਖਾਲੀ ਪੋਸਟਾਂ ਨੂੰ ਆਨਲਾਈਨ ਭਰਿਆ ਦਿਖਾ ਦਿੱਤਾ ਸੀ, ਜਦ ਕਿ ਕਲਰਕ ਉੱਤੇ ਤਿੰਨ ਸਕੂਲਾਂ ਦਾ ਵਾਧੂ ਬੋਝ ਪਾ ਦਿੱਤਾ ਸੀ। ਬੀਤੇ ਤਿੰਨ ਸਾਲਾਂ ਤੋਂ ਮਾਨਸਿਕ ਪੀੜ ਝੱਲ ਰਹੇ ਇਨ੍ਹਾਂ ਕਲਰਕਾਂ ਨੇ ਸਿੱਖਿਆ ਵਿਭਾਗ ਦੇ ਉਚ ਅਧਿਕਾਰੀਆਂ, ਸਿੱਖਿਆ ਮੰਤਰੀ ਤੇ ਮੁੱਖ ਮੰਤਰੀ ਨੂੰ ਇਸ ਤੋਂ ਨਿਜ਼ਾਤ ਦਿਵਾਉਣ ਦੀ ਅਪੀਲ ਕੀਤੀ, ਪਰ ਸਰਕਾਰ ਨੇ ਕੋਈ ਪ੍ਰਵਾਹ ਨਹੀਂ ਕੀਤੀ।

## ਪੰਜਾਬ ਯੂਨੀਵਰਸਿਟੀ ਵੱਲੋਂ ਸਿੰਗਲ ਗਰਲ ਚਾਈਲਡ ਕੋਟਾ ਖਤਮ

ਚੰਡੀਗੜ੍ਹ, 10 ਅਕਤੂਬਰ (ਪੋਸਟ ਬਿਊਰੋ)- ਪੰਜਾਬ ਯੂਨੀਵਰਸਿਟੀ ਨੇ ਯੂ ਆਈ ਈ ਟੀ ਅਤੇ ਯੂ ਆਈ ਸੀ ਈ ਟੀ ਇੰਸਟੀਚਿਊਟ ਵਿੱਚ ਦਾਖਲਾ ਲੈਣ ਦੇ ਇੱਛੁਕ ਵਿਦਿਆਰਥੀਆਂ ਨੂੰ ਵੱਡਾ ਝਟਕਾ ਦਿੱਤਾ ਅਤੇ 2021-22 ਸੈਸ਼ਨ ਵਿੱਚ ਬੀ ਟੈਕ-ਬੀ ਈ ਪਹਿਲੇ ਸਾਲ ਦੇ ਦਾਖਲੇ ਲਈ ਸੀਟਾਂ ਵਿੱਚ ਕਟੌਤੀ ਕਰ ਦਿੱਤੀ ਅਤੇ ਪੀ ਯੂ ਪ੍ਰਸ਼ਾਸਨ ਨੇ ਇੰਜੀਨੀਅਰਿੰਗ ਕੋਰਸ ਵਿੱਚ ਸਿੰਗਲ ਗਰਲ ਚਾਈਲਡ ਕੋਟਾ ਖਤਮ ਕਰ ਦਿੱਤਾ ਹੈ। ਨਾਲ ਦਿਹਾਤੀ ਅਤੇ ਸਰਹੱਦੀ ਖੇਤਰ ਦੇ ਕੋਟੇ ਦੀਆਂ ਸੀਟਾਂ ਉੱਤੇ ਵੀ ਇਸ ਵਾਰ ਦਾਖਲਾ ਨਹੀਂ ਨਹੀਂ ਦਿੱਤਾ ਜਾਵੇਗਾ।



ਵਰਨਣ ਯੋਗ ਹੈ ਕਿ ਸਾਲ 2015-16 ਤੋਂ ਇਨ੍ਹਾਂ ਕੈਟਾਗਰੀ ਵਿੱਚ ਵਿਦਿਆਰਥੀਆਂ ਨੂੰ ਪੰਜਾਬ ਯੂਨੀਵਰਸਿਟੀ ਦੇ ਯੂ ਆਈ ਈ ਟੀ ਅਤੇ ਯੂ ਆਈ ਸੀ ਈ ਟੀ ਕੋਰਸ ਦਾਦਾਖਲਾ ਮਿਲ ਰਿਹਾ ਸੀ। ਪੇਂਡੂ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਇਸ ਫੈਸਲੇ ਨਾਲ ਵੱਧ ਨੁਕਸਾਨ ਹੋਵੇਗਾ ਅਤੇ ਯੂ ਆਈ ਈ ਟੀ ਵਿੱਚ (40-45 ਸੀਟਾਂ) ਅਤੇ ਯੂ ਆਈ ਸੀ ਈ ਟੀ ਵਿੱਚ (15-20) ਬੀ ਈ-ਬੀ ਟੈਕ ਦੀਆਂ 60 ਤੋਂ ਵੱਧ ਸੀਟਾਂ ਘਟ ਜਾਣਗੀਆਂ। ਕੈਂਸਰ ਤੇ ਥੈਲੇਸੀਮੀਆ ਪੀੜਤ ਰਿਜ਼ਰਵ ਸੀਟਾਂ ਵੀ ਖਤਮ ਕੀਤੇ ਜਾਣ ਦਾ ਪਤਾ ਲੱਗਾ ਹੈ।ਇੰਜੀਨੀਅਰਿੰਗ ਕੋਰਸਾਂ ਵਿੱਚ ਦਾਖਲੇ ਲਈ ਬਣੀ ਜੁਆਇੰਟ ਐਡਮਿਸ਼ਨ ਕਮੇਟੀ (ਏ ਏ ਸੀ) ਨੂੰ ਡੀ ਯੂ ਆਈ ਦਫਤਰ ਤੋਂ ਇਨ੍ਹਾਂ ਸੀਟਾਂਦੇ ਦਾਖਲੇ ਦੀ ਮਨਜ਼ੂਰੀ ਨਹੀਂ ਦਿੱਤੀ ਗਈ। ਐਡਮਿਸ਼ਨ ਕਮੇਟੀ ਵਾਲੇ ਅਧਿਕਾਰੀਆਂ ਅਨੁਸਾਰ ਏ ਆਈ ਸੀ ਈ ਟੀ ਨਿਯਮਾਂ ਕਾਰਨ ਯੂ ਆਈ ਈ ਈ ਟੀ ਅਤੇ ਯੂ ਆਈ ਸੀ ਈ ਟੀ ਵਿੱਚ ਸਿੰਗਲ ਗਰਲ ਚਾਈਲਡ ਅਤੇ ਹੋਰ ਕੁਝ ਕੋਟਿਆਂ ਦੀਆਂ ਸੀਟਾਂ ਇਸ ਵਾਰ ਖਤਮ ਕਰ ਦਿੱਤੀਓਂ ਹਨ ਅਤੇ ਇਸ ਫੈਸਲੇ ਦਾ ਸਖਤ ਵਿਰੋਧ ਹੋ ਰਿਹਾ ਹੈ। ਮਾਪਿਆਂ ਦਾ ਦੋਸ਼ ਹੈ ਕਿ ਪੰਜਾਬ ਯੂਨੀਵਰਸਿਟੀ ਇਕਦਮ ਇਸ ਤਰ੍ਹਾਂ ਦਾ ਫੈਸਲਾ ਨਹੀਂ ਲੈ ਸਕਦੀ। ਇਹ ਇੱਕ ਤਰ੍ਹਾਂ ਹੱਕਦਾਰਾਂ ਦੇ ਨਾਲ ਧੱਕਾ ਹੈ।

## ਬੱਚੇ ਪੈਦਾ ਕਰ ਕੇ ਵੇਚਣ ਵਾਲੇ ਗੈਂਗ ਦੇ 8 ਕਾਰਿੰਦੇ ਗ੍ਰਿਫਤਾਰ

***ਮਾਂ ਨੇ ਖੁਦ ਵੇਚਿਆ ਦੋ ਦਿਨ ਦਾ ਬੱਚਾ**

ਬਠਿੰਡਾ, 10 ਅਕਤੂਬਰ (ਪੋਸਟ ਬਿਊਰੋ)- ਇਸ ਸ਼ਹਿਰ ਦੇ ਪਰਸਰਾਮ ਨਗਰ ਦੇ ਗੁਡਵਿੱਲ ਹਸਪਤਾਲ ਵਿੱਚੋਂ ਗਾਇਬ ਹੋਏ ਦੋ ਦਿਨ ਦੇ ਬੱਚੇ ਦੇ ਕੇਸ ਵਿੱਚ ਭੇਦ ਖੁੱਲ੍ਹਾ ਹੈ ਕਿ ਬੱਚੇ ਨੂੰ ਉਸ ਦੀ ਮਾਂ ਨੇ ਹੀ ਲਾਲਚ ਵਿੱਚ ਵੇਚਿਆ ਸੀ। ਪਿੱਛੋਂ ਪੂਰੇ ਪੈਸੇ ਨਾ ਮਿਲੇ ਤਾਂ ਬੱਚਾ ਚੋਰੀ ਹੋਣ ਦੀ ਝੂਠੀ ਸ਼ਿਕਾਇਤ ਪੁਲਸ ਨੂੰ ਕਰ ਦਿੱਤੀ ਸੀ।

ਪੁਲਸ ਦੇ ਦੱਸਣ ਅਨੁਸਾਰ ਔਰਤ ਨੇ ਬੱਚੇ ਵੇਚਣ ਦਾ ਗਿਰੋਹ ਬਣਾਇਆ ਹੋਇਆ ਸੀ। ਇਹ ਗਿਰੋਹ ਪਹਿਲਾਂ ਬੱਚੇ ਪੈਦਾ ਕਰਦਾ ਅਤੇ ਫਿਰ ਉਨ੍ਹਾਂ ਨੂੰ ਵੇਚ ਦਿੰਦਾ ਹੈ। ਇਸ ਔਰਤ




ਦੇ ਕੁੱਲ ਛੇ ਬੱਚਿਆਂ ਵਿੱਚੋਂ ਤਿੰਨ ਗਾਇਬ ਹਨ। ਪੁਲਸ ਨੂੰ ਸ਼ੱਕ ਹੈ ਕਿ ਉਨ੍ਹਾਂ ਨੂੰ ਵੇਚ ਦਿੱਤਾ ਗਿਆ ਹੈ। ਇਸ ਗੈਂਗ ਵਿੱਚ ਸ਼ਾਮਲ ਬੱਚੇ ਦੇ ਮਾਤਾ-ਪਿਤਾ ਅਤੇ ਬੱਚਿਆਂ ਨੂੰ ਖਰੀਦਣ ਤੇ ਵੇਚਣ ਵਾਲਿਆਂ ਸਣੇ ਕੁੱਲ ਅੱਠ ਲੋਕਾਂ ਨੂੰ ਪੁਲਸ ਨੇ ਗ੍ਰਿਫਤਾਰ ਕੀਤਾ ਹੈ।

ਡੀ ਐਸ ਪੀ ਸਿਟੀ-1 ਗੁਰਜੀਤ ਸਿੰਘ ਰੋਮਾਣਾ ਨੇ ਦੱਸਿਆ ਕਿ ਬੀੜ ਤਲਾਬ ਬਸਤੀ ਨੰਬਰ ਛੇ ਦੀ ਵਸਨੀਕ ਪੂਜਾ ਪਤਨੀ ਸੋਨੂ ਨੇ ਪਰਸਰਾਮ ਨਗਰ ਦੇ ਗੁਡਵਿੱਲ ਹਸਪਤਾਲ ਵਿੱਚਪਹਿਲੀ ਅਕਤੂਬਰ ਨੂੰ ਇੱਕ ਬੱਚੇ ਨੂੰ ਜਨਮ ਦਿੱਤਾ ਸੀ। ਇਸ ਦੇ ਬਾਅਦ ਉਸ ਨੇ ਆਪਣੇ ਬੱਚੇ ਨੰ ਢਾਈ ਲੱਖ ਰੁਪਏ ਵਿੱਚ ਵੇਚਣ ਦੇ ਲਈ ਆਪਣੇ ਪਤੀ ਸੋਨੂੰ ਦੀ ਮਦਦ ਨਾਲ ਗੁਰਦਾ-ਸਪੁਰ ਦੇ ਪਿੰਡ ਜਗਤਪੁਰਾ ਦੇ ਇੱਕ ਜੋੜੇ ਸਤਵਿੰਦਰ ਸਿੰਘ ਤੇ ਗੁਰਪ੍ਰੀਤ ਕੌਰ ਨਾਲ ਸੌਦਾ ਕੀਤਾ। ਬੱਚੇ ਨੂੰ ਵੇਚਣ ਵਿੱਚ ਪੂਜਾ ਦੀ ਮਦਦ ਬੀੜ ਤਲਾਬ ਬਸਤੀ ਦੀ ਗੁੱਡੋ, ਉਸ ਦੇ ਪਤੀ ਪੀਟਰ ਹੈਪੀ, ਜੈਤੋ ਦੀ ਗੁਰਮੀਤ ਕੌਰ ਅਤੇ ਬਠਿੰਡਾ ਦੇ ਬਲਰਾਜ ਨਗਰ ਦੀ ਰਛਪਾਲ ਕੌਰ ਨੇ ਕੀਤੀ। ਬੱਚਾ ਖਰੀਦਣ ਵਾਲੇ ਜੋੜੇ ਨੇ ਉਕਤ ਰਕਮ ਦੋਸ਼ੀਆਂ ਦੇ ਅਕਾਊਂਟ ਵਿੱਚ ਟਰਾਂਸਫਰ ਕਰ ਦਿੱਤੀ ਅਤੇ ਬੱਚਾ ਲੈ ਕੇ ਚਲੇ ਗਏ। ਬੱਚਾ ਵਿਕਵਾਉਣ ਵਿੱਚ ਮਦਦ ਕਰਨ ਵਾਲਿਆਂ ਨੇ ਪੂਜਾ ਅਤੇ ਉਸ ਦੇ ਪਤੀ ਨੂੰ ਇਸ ਸੌਦੇ ਵਿੱਚ ਉਨ੍ਹਾਂ ਦੇ ਬਣਦੇ ਡੇਢ ਲੱਖ ਰੁਪਏ ਵਿੱਚੋਂ ਸਿਰਫ ਪੰਜਾਹ ਹਜ਼ਾਰ ਰੁਪਏ ਦਿੱਤੇ ਤੇ ਬਾਕੀ ਰਕਮ ਦੇ ਲਈ ਨਾਂਹ-ਨੁੱਕਰ ਕਰਨ ਲੱਗ ਪਏ ਸਨ। ਡੀ ਐਸ ਪੀ ਰੋਮਾਣਾ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਦੋ ਦੋਸ਼ੀ ਸੀਮਾ ਤੇ ਤਲਵੰਡੀ ਸਾਬੋ ਦਾ ਬਾਬਾ ਅਜੇ ਫਰਾਰ ਹਨ, ਜਿਨ੍ਹਾਂ ਦੀ ਤਲਾਸ਼ ਕੀਤੀ ਜਾ ਰਹੀ ਹੈ।

## ਨਿਹੰਗ ਬਾਣੇ ਵਾਲੇ ਵਿਅਕਤੀ ਨੇ ਤਖਤ ਕੇਸਗੜ੍ਹ ਸਾਹਿਬ ਵਿਖੇ ਗੋਲੀ ਜਾ ਚਲਾਈ

ਆਨੰਦਪੁਰ ਸਾਹਿਬ, 10 ਅਕਤੂਬਰ (ਪੋਸਟ ਬਿਊਰੋ)- ਇੱਥੇ ਤਖਤ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਪਿੱਛੋਂ ਨਿਹੰਗ ਸਿੰਘ ਦੇ ਬਾਣੇ ਵਿੱਚ ਆਏ ਪਾਣੀਪਤ (ਹਰਿਆਣਾ) ਦੇ ਇੱਕ ਵਿਅਕਤੀ ਨੇ ਆਪਣੇ ਲਾਇਸੰਸੀ ਰਾਈਫਲ ਨਾਲ ਹਵਾਈ ਫਾਇਰ ਕਰ ਦਿੱਤਾ। ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੇ ਉਸ ਨੂੰ ਕਾਬੂ ਕਰ ਕੇ ਪੁਲਸ ਦੇ ਹਵਾਲੇ ਕਰ ਦਿੱਤਾ। ਜਾਣਕਾਰੀ ਅਨੁਸਾਰ ਪਾਣੀਪਤ ਦੇ ਕੁਲਦੀਪ ਸਿੰਘ ਨੇ ਇਹ ਹਵਾਈ ਫਾਇਰ ਕੀਤਾ ਸੀ। ਮੁੱਢਲੀ ਜਾਂਚ ਦੌਰਾਨ ਪਤਾ ਲੱਗਾ ਕਿ ਗੋਲੀ ਚਲਾਉਣ ਪਿੱਛੇ ਉਸ ਦਾ ਕੋਈ ਗਲਤ ਮਕਸਦ ਨਹੀਂ ਸੀ ਤੇ ਉਸ ਨੇ ਗੁਰੂ ਸਾਹਿਬ ਨੂੰ ਸਲਾਮੀ ਦੇਣ ਲਈ ਇਹ ਗੋਲੀ ਚਲਾਈ ਸੀ। ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ



## ਬਹਿਰਾਈਚ ਪ੍ਰਸ਼ਾਸਨ ਵੱਲੋਂ ਜ਼ਾਬਤਾ ਰੱਖਣ ਲਈ ਸਿੱਖਾਂ ਦਾ ਧੰਨਵਾਦ

ਬਹਿਰਾਈਚ, 10 ਅਕਤੂਬਰ (ਪੋਸਟ ਬਿਊਰੋ)- ਉੱਤਰ ਪ੍ਰਦੇਸ਼ ਦੇ ਬਹਿਰਾਈਚ ਜ਼ਿਲ੍ਹਾ ਪ੍ਰਸ਼ਾਸਨ ਨੇ ਗੁਰਮੁਖੀ ਵਿੱਚ ਲਿਖੇ ਇੱਕ ਪੱਤਰ ਰਾਹੀਂ ਸਿੱਖ ਭਾਈਚਾਰੇ ਤਕ ਪਹੁੰਚ ਕਰਦਿਆਂ ਉਨ੍ਹਾਂ ਵੱਲੋਂ ਲਖੀਮਪੁਰ ਖੀਰੀ ਵਿੱਚ ਵਾਪਰੀ ਹਿੰਸਾ ਦੇ ਬਾਅਦ ਜ਼ਾਬਤਾ, ਸੰਜਮ ਬਣਾ ਕੇ ਰੱਖਣ ਲਈ ਧੰਨਵਾਦ ਕੀਤਾ ਗਿਆ ਹੈ।

ਜ਼ਿਲ੍ਹਾ ਮੈਜਿਸਟਰੇਟ ਦਿਨੇਸ਼ ਚੰਦਰ ਸਿੰਘ ਨੇ ਇਸ ਸੰਬੰਧ ਵਿੱਚ ਦਾਅਵਾ ਕੀਤਾ ਕਿ ਪ੍ਰਸ਼ਾਸਨ ਦੀ ਇਸ ਕਿਸਮ ਦੀ ਪਹਿਲਕਦਮੀ ਨਾਲ ਭਾਵੇਂ ਪੀੜਤ ਕਿਸਾਨ ਪਰਵਾਰਾਂ ਦਾ ਦੁੱਖ ਨਹੀਂ ਘਟ ਜਾਣਾ, ਪਰ ਉਹ ਪ੍ਰਸ਼ਾਸਨ ਪ੍ਰਤੀ ਸਾਂਝ ਤੇ ਨੇੜਤਾ ਜ਼ਰੂਰ ਮਹਿਸੂਸ ਕਰਨਗੇ। ਬਹਿਰਾਈਚ ਵਿੱਚ ਰਹਿੰਦੇ ਸਿੱਖ ਭਾਈਚਾਰੇ ਤੋਂ ਬਿਨਾ ਇਹ ਪੱਤਰ ਡਿਜੀਟਲ ਰੂਪ ਵਿੱਚ ਕੁਝ ਹੋਰ ਜ਼ਿਲ੍ਹਿਆਂ ਵਿੱਚ ਰਹਿੰਦੇ ਸਿੱਖਾਂ ਨੂੰ ਵੀ ਗਿਆ ਹੈ। ਇਸ ਪੱਤਰ ਵਿੱਚ ਲਿਖਿਆ ਗਿਆ ਹੈ ਕਿ 'ਲਖੀਮਪੁਰ ਖੀਰੀ ਵਿੱਚ ਤਿੰਨ ਅਕਤੂਬਰ ਨੂੰ ਵਾਪਰੀ ਘਟਨਾ ਦੀ ਸਰਕਾਰ ਅਤੇ ਲੋਕਾਂ ਅਤੇ ਹੋਰ ਸਭ ਨੇ ਨਿਖੇਧੀ ਕੀਤੀ ਹੈ ਅਤੇ ਸਰਕਾਰ, ਪੁਲਸ ਅਤੇ ਪ੍ਰਸ਼ਾਸਨ ਵੱਲੋਂ ਨਿਆਂ ਦੇਣ ਦੇ ਯਤਨ ਕੀਤੇ ਜਾ ਰਹੇ ਹਨ। ਲੋਕਾਂ ਦੇ ਨੁਮਾਇੰਦੇ ਤੇ ਜ਼ਿਲ੍ਹੇ ਦੇ ਆਮ ਲੋਕ ਅਤੇ ਬਾਹਰੋਂ ਆਉਣ ਵਾਲੇ ਲੋਕ ਪੀੜਤ ਪਰਵਾਰਾਂ ਨਾਲ ਦੁਖ ਵੰਡਾਉਣ ਮੌਕੇ ਸੰਜਮ ਨਾਲ ਕੰਮ ਲੈਣ।'' ਇਸ ਪੱਤਰ ਵਿੱਚ ਲਿਖਿਆ ਹੈ, 'ਸਾਰੇ ਸਿੱਖ ਭੈਣ-ਭਰਾਵਾਂ ਦਾ ਧੰਨਵਾਦ, ਜ਼ਿਲ੍ਹਾ ਲਖੀਮਪੁਰ ਖੀਰੀ ਹਿੰਸਾ ਪਿੱਛੋਂ ਸੰਜਮ ਬਣਾ ਕੇ ਰੱਖਿਆ ਅਤੇ ਸਰਕਾਰ ਤੇ ਪ੍ਰਸ਼ਾਸਨ ਨੂੰ ਹਰ ਸੰਭਵ ਸਹਿਯੋਗ ਦਿੱਤਾ, ਜਿਸ ਕਰ ਕੇ ਅਮਨ ਅਤੇ ਸਦਭਾਵਨਾ ਦਾ ਮਾਹੌਲ ਬਣਿਆ ਰਿਹਾ ਹੈ।'

## ਸ਼ਿਲਾਂਗ ਵਿੱਚ ਸਿੱਖਾਂ ਨੂੰ ਪੰਜਾਬੀ ਲੇਨ ਵਿੱਚੋਂ ਉਜਾੜਨ ਦਾ ਵਿਰੋਧ




ਸ਼ਿਲਾਂਗ, 10 ਅਕਤੂਬਰ (ਪੋਸਟ ਬਿਊਰੋ)- ਮੇਘਾਲਿਆ ਰਾਜ ਦੀ ਸਰਕਾਰ ਵੱਲੋਂ ਥੇਮ ਲਿਊ ਮਾਅਲੌਂਗ ਦੇ ਇਲਾਕੇ ਜਾਂ ਪੰਜਾਬੀ ਲੇਨ ਵਿੱਚੋਂ ਗੈਰ ਕਾਨੂੰਨੀ ਤੌਰ ਉੱਤੇ ਰਹਿੰਦੇ ਲੋਕਾਂ ਨੂੰ ਦੂਜੀ ਥਾਂ ਉੱਤੇ ਵਸਾਉਣ ਦੀ ਤਜਵੀਜ਼ ਪ੍ਰਵਾਨ ਕਰਨ ਪਿੱਛੋਂ ਹਰੀਜਨ ਪੰਚਾਇਤ ਕਮੇਟੀ, ਜਿਹੜੀ ਦਲਿਤ ਸਿੱਖਾਂ ਦੀ ਪ੍ਰਤੀਨਿਧ ਹੈ, ਨੇ ਕਿਹਾ ਕਿ ਉਹ ਸਰਕਾਰ ਨੂੰ ਇਹੋ ਜਿਹੀ ਮੁਹਿੰਮ ਚਲਾਉਣ ਤੋਂ ਰੋਕਣ ਲਈ ਹਰ ਸੰਭਵ ਕੋਸ਼ਿਸ਼ ਕਰੇਗੀ।

ਡਿਪਟੀ ਮੁੱਖ ਮੰਤਰੀ ਪ੍ਰਿਸਟਨ ਟਾਈਨਸੌਂਗ ਦੀ ਅਗਵਾਈ ਹੇਠ ਬਣੀ ਉਚ ਪੱਧਰੀ ਕਮੇਟੀ ਦੀਆਂ ਸਿਫਾਰਸ਼ਾਂ ਦੇ ਆਧਾਰ ਉੱਤੇ ਕੈਬਨਿਟ ਨੇ ਬੀਤੇ ਹਫਤੇ ਦੇ ਸ਼ੁਰੂ ਵਿੱਚ ਇਹ ਫੈਸਲਾ ਲਿਆ ਸੀ। ਕਮੇਟੀ ਦੇ ਸੈਕਟਰੀ ਗੁਰਜੀਤ ਸਿੰਘ ਨੇ ਖਬਰ ਏਜੰਸੀ ਨੂੰ ਦੱਸਿਆ ਕਿ ਸੈਂਕੜੇ ਦਲਿਤ ਸਿੱਖ ਪਰਵਾਰ ਥੇਮ ਲਿਊ ਮਾਅਲੌਂਗ ਏਰੀਆ ਜਾਂ ਪੰਜਾਬੀ ਲੇਨ ਵਿੱਚ ਬੀਤੇ ਕਈ ਸਾਲਾਂ ਤੋਂ ਰਹਿ ਰਹੇ ਹਨ ਅਤੇ ਉਨ੍ਹਾਂ ਉਚ ਪੱਧਰੀ ਕਮੇਟੀ ਦੀ ਰਿਪੋਰਟ ਨੂੰ ਰੱਦ ਕੀਤਾ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਨੇ ਇਲਾਕੇ ਵਿੱਚ ਰਹਿ ਰਹੇ ਲੋਕਾਂ ਦੇ ਹੱਕਾਂ ਲਈ ਆਖਰੀ ਸਾਹਾਂ ਤਕ ਮੁਕਾਬਲਾ ਕਰਨ ਦਾ ਪ੍ਰਣ ਲਿਆ ਹੈ।ਗੁਰਜੀਤ ਸਿੰਘ ਨੇ ਕਿਹਾ ਕਿ ਉਹ ਆਪਣੀ ਜ਼ਮੀਨ ਲਈ ਮਰ ਜਾਣਗੇ, ਪਰ ਮੇਘਾਲਿਆ ਸਰਕਾਰ ਦੀ ਕਿਸੇ ਗੈਰ ਕਾਨੂੰਨੀ, ਅਨੈਤਿਕ ਅਤੇ ਬੇਇਨਸਾਫੀ ਵਾਲੀ ਕਾਰਵਾਈ ਦੀ ਆਗਿਆ ਨਹੀਂ ਦੇਣਗੇ। ਉਨ੍ਹਾਂ ਦਾਅਵਾ ਕੀਤਾ ਕਿ ਖਾਸੀ ਹਿੱਲਜ਼ ਦੇ ਮੁਖੀਆਂ ਵਿੱਚੋਂ ਇੱਕ ਨੇ ਪੰਜਾਬੀਆਂ ਨੂੰ ਇਹ ਜ਼ਮੀਨ ਤੋਹਫੇ ਵਿੱਚ ਦਿੱਤੀ ਸੀ ਅਤੇ ਕਿਸੇ ਹੋਰ ਦਾ ਇਸ ਜ਼ਮੀਨ ਉੱਤੇ ਕੋਈ ਹੱਕ ਨਹੀਂ ਹੈ। ਮੇਘਾਲਿਆ ਦੇ ਕਾਨੂੰਨ ਮੁਤਾਬਕ ਗੈਰ ਆਦਿਵਾਸੀ ਨੂੰ ਅਨੁਸੂਚਿਤ ਖੇਤਰਾਂ ਵਿੱਚਜਾਇਦਾਦ ਖਰੀਦਣ ਦਾ ਹੱਕ ਨਹੀਂ ਹੈ।

ਸਰਕਾਰ ਵੱਲੋਂ ਬਣਾਈ ਐਚ ਐਲ ਸੀ ਨੇ ਸ਼ਿਲਾਂਗ ਮਿਊਂਸੀਪਲ ਬੋਰਡ ਅਤੇ ਹੋਰ ਵਿਭਾਗਾਂ ਦੇ ਮੁਲਾਜ਼ਮਾਂ, ਜਿਹੜੇ ਥੇਮ ਲਿਊ ਮਾਅਲੌਂਗ ਵਿੱਚ ਰਹਿੰਦੇ ਹਨ, ਨੂੰ ਸ਼ਿਲਾਂਗ ਵਿੱਚ ਉਨ੍ਹਾਂ ਦੇ ਅਧਿਕਾਰਤ ਕੁਆਰਟਰਾਂ ਵਿੱਚ ਬਦਲਣ ਦਾ ਸੁਝਾਅ ਦਿੱਤਾ ਹੈ। ਕੋਨਾਰਡ ਸੰਗਮਾ ਦੀ ਅਗਵਾਈ ਹੇਠਲੀ ਸਰਕਾਰ ਨੇ ਜ਼ਮੀਨੀ ਵਿਵਾਦ ਦੇ ਨਿਪਟਾਰੇ ਲਈ 2018 ਵਿੱਚਐਚ ਐਲ ਸੀ ਬਣਾਈ ਸੀ। ਇਸੇ ਸਾਲ ਬੱਸ ਡਰਾਈਵਰ ਉੱਤੇ ਹਮਲੇ ਮਗਰੋਂ ਪਿੱਛੋਂ ਵਿੱਚ ਹਿੰਸਾ ਭੜਕੀ ਸੀ। ਸੋਸ਼ਲ ਮੀਡੀਆ ਉੱਤੇ ਅਫਵਾਹਾਂ ਨੂੰ ਫੈਲਣ ਤੋਂ ਰੋਕਣ ਲਈ ਇਲਾਕੇ ਵਿੱਚ ਕੁਝ ਹਫਤੇ ਇੰਟਰਨੈਟ ਸੇਵਾ ਠੱਪ ਰੱਖੀ ਗਈ ਸੀ।

## ਬਹਾਦੁਰਗੜ੍ਹ ਵਿੱਚ ਪਹਿਲਵਾਨ ਦੀ ਗੋਲੀ ਮਾਰ ਕੇ ਹੱਤਿਆ



ਬਹਾਦੁਰਗੜ੍ਹ, 10 ਅਕਤੂਬਰ (ਪੋਸਟ ਬਿਊਰੋ)- ਇੱਥੋਂ ਕੁਝ ਕੁ ਮੀਲ ਦੂਰ ਪਿੰਡ ਛਾਰਾ ਵਿਖੇ ਇਟਾਂ ਦੀ ਸਪਲਾਈ ਕਰਦੇ ਇੱਕ ਵਿਅਕਤੀ ਨੂੰ ਕੱਲ੍ਹ ਗੋਲੀ ਮਾਰ ਕੇ ਮਾਰ ਦਿੱਤਾ ਗਿਆ ਹੈ। ਕਤਲ ਪਿੱਛੋਂ ਮ੍ਰਿਤਕ ਦੀ ਸਕਾਰਪੀਓ ਮੋਟਰ ਗੱਡੀ ਲੈ ਕੇ ਬਦਮਾਸ਼ ਫਰਾਰ ਹੋ ਗਏ। ਪਰਵਾਰ ਨੇ ਕਤਲ ਦੇ ਦੋਸ਼ੀਆਂ ਦੀ ਜਲਦੀ ਗ੍ਰਿਫਤਾਰੀ ਦੀ ਮੰਗ ਕੀਤੀ ਹੈ। ਮੁਲਜ਼ਮਾਂ ਨੂੰ ਫੜਨ ਲਈ ਪੁਲਸ ਨੇ ਕਈ ਟੀਮਾਂ ਵੱਖ-ਵੱਖ ਇਲਾਕਿਆਂ ਵਿੱਚ ਭੇਜੀਆਂ ਹਨ।

ਪਿੰਡ ਛਾਰਾ ਦਾ ਬਿਜੇਂਦਰ ਉਰਫ ਮਟਰੂ ਪਹਿਲਵਾਨ ਭੱਠੇ ਤੋਂ ਇੱਟਾਂ ਦੀ ਸਪਲਾਈ ਕਰਦਾ ਸੀ। ਉਹ ਆਪਣੇ ਪਿੰਡ ਦੀ ਇੱਕ ਦੁਕਾਨ ਉੱਤੇ ਗਿਆ ਸ਼ਾਂ ਉਥੋਂ ਬਾਹਰ ਨਿਕਲਦੇ ਸਾਰ ਉਸ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ।ਇਹ ਘਟਨਾ ਮ੍ਰਿਤਕ ਦੇ ਘਰ ਤੋਂ ਲਗਭਗ 100 ਮੀਟਰ ਦੂਰ ਵਾਪਰੀ। ਪਰਵਾਰਕ ਮੈਂਬਰਾਂ ਨੇ ਉਸ ਨੂੰ ਰੋਹਤਕ ਨੇੜੇ ਇੱਕ ਪ੍ਰਾਈਵੇਟ ਹਸਪਤਾਲ ਪਹੁੰਚਾਇਆ, ਪਰ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਉਸ ਦੀ ਧੌਣ ਨੇੜੇ ਗੋਲੀ ਦੇ ਨਿਸ਼ਾਨ ਹਨ।ਉਸ ਨੂੰ ਕਤਲ ਕਿਉਂ ਕੀਤਾ ਗਿਆ, ਇਹ ਅਜੇ ਸਪੱਸ਼ਟ ਨਹੀਂ ਹੋਇਆ। ਮ੍ਰਿਤਕ ਦੇ ਭਰਾ ਦੀ ਸ਼ਿਕਾਇਤ ਉੱਤੇ ਕਤਲ, ਗੱਡੀ ਲੁੱਟਣ ਅਤੇ ਕੁਝ ਹੋਰਨਾਂ ਧਾਰਾਵਾਂ ਹੇਠ ਮਾਮਲਾ ਦਰਜ ਕੀਤਾ ਗਿਆ ਹੈ।

## ਚੈਨਲ ਪਾਰ ਕਰ ਕੇ ਆਏ ਪ੍ਰਵਾਸੀਆਂ ਲਈ ਬ੍ਰਿਟੇਨ ਸਰਕਾਰ ਨੇ ਪੀਜ਼ੇ ਉਤੇ ਹੀ ਹਜ਼ਾਰਾਂ ਪੌਂਡ ਖਰਚੇ

ਲੰਡਨ, 10 ਅਕਤੂਬਰ (ਪੋਸਟ ਬਿਊਰੋ)- ਯੂ ਕੇ ਵਿੱਚ ਹੋਮ ਡਿਪਾਰਟਮੈਂਟ ਆਫਿਸ ਵੱਲੋਂ ਇੰਗਲਿਸ਼ ਚੈਨਲ ਪਾਰ ਕਰ ਕੇ ਆਉਣ ਵਾਲੇ ਗੈਰ ਕਾਨੂੰਨੀ ਪ੍ਰਵਾਸੀਆਂ ਨੂੰ ਖੁਆਉਣ ਲਈ ਡੋਮਿਨੋ ਦੇ ਪੀਜ਼ਿਆਂ ਉੱਤੇ ਇੱਕ ਮਹੀਨੇ ਵਿੱਚ ਹਜ਼ਾਰਾਂ ਪੌਂਡ ਖਰਚ ਕੀਤੇ ਹਨ। ਇਸ ਫਾਸਟ ਫੂਡ ਚੇਨ ਦੀ ਡੋਵਰ ਬ੍ਰਾਂਚ ਨੇ ਜੁਲਾਈ ਵਿੱਚ ਟਗ ਹੈਵਨ ਨਜ਼ਰਬੰਦੀ ਸਹੂਲਤ ਵਿੱਚ ਰੱਖੇ ਗਏ ਪਰਵਾਸੀਆਂ ਲਈ ਸੈਂਕੜੇ ਪਿੱਜ਼ੇ ਸਪਲਾਈ ਕੀਤੇ ਸਨ।

ਇਸ ਬਾਰੇ ਸਰਕਾਰੀ ਅੰਕੜਿਆਂ ਦੇ ਅਨੁਸਾਰ ਬਾਰਡਰ ਫੋਰਸ ਨੇ ਛੋਟੀ ਮਿਆਦ ਦੀ ਇਸ ਹੋਲਡਿੰਗ ਸਹੂਲਤ ਨੂੰ ਭੋਜਨ ਦੇਣ ਲਈ ਡੋਮਿਨੋ ਨੂੰ ਪੰਜ ਵੱਖ-ਵੱਖ ਲੈਣ-ਦੇਣ ਵਿੱਚ ਕਰੀਬ 6757.52 ਪੌਂਡ ਦਿੱਤੇ ਗਏ। ਇਸ ਦੇ ਸਭ ਤੋਂ ਵੱਡੇ ਆਰਡਰ ਦੀ ਕੀਮਤ 1824 ਪੌਂਡ ਸੀ ਅਤੇ ਇਸ ਦੀ ਵਰਤੋਂ ਉਨ੍ਹਾਂ ਪਰਵਾਸੀਆਂ ਨੂੰ ਭੋਜਨ ਦੇਣ ਲਈ ਕੀਤੀ ਗਈ ਸੀ, ਜੋ 12 ਘੰਟਿਆਂ ਲਈ ਰੱਖੇ ਗਏ ਸਨ। ਹੋਮ ਆਫਿਸ ਦੇ ਖਰੀਦ ਕਾਰਡ ਦੇ ਲੈਣ-ਦੇਣ ਬਾਰੇ ਲਾਗ-ਬੁੱਕ ਉੱਤੇ ਦਰਜ ਕੀਤੇ ਇੱਕ ਹੋਰ ਆਰਡਰ ਦੀ ਕੀਮਤ 1789 ਪੌਂਡ ਹੈ। ਇਸ ਤੋਂ ਇਲਾਵਾ ਡੋਮਿਨੋ ਦੇ ਤਿੰਨ ਹੋਰ ਪੀਜ਼ਾ ਆਰਡਰ 1274 ਪੌਂਡ, 1000 ਪੌਂਡ ਅਤੇ 870 ਪੌਂਡ ਨਾਲ ਉਨ੍ਹਾਂ ਪਰਵਾਸੀਆਂ ਲਈ ਭੋਜਨ ਵਾਸਤੇ ਸੂਚੀਬੱਧ ਕੀਤੇ ਗਏ, ਜਿਨ੍ਹਾਂ ਨੂੰ ਟਗ ਹੈਵਨ ਵਿਖੇ ਰਾਤ ਭਰ ਰਹਿਣਾ ਪਿਆ। ਇਸ ਦੇ ਨਾਲ ਟਗ ਹੈਵਨ ਵਿਖੇ ਪਰਵਾਸੀਆਂ ਲਈ ਚਾਹ, ਕੌਫੀ, ਦੁੱਧ ਅਤੇ ਹੋਰ ਰਿਫਰੈਸ਼ਮੈਂਟ ਵਰਗੇ ਪ੍ਰਬੰਧਾਂ ਉੱਤੇ ਵੀ ਸੈਂਕੜੇ ਪੌਂਡ ਖਰਚ ਕੀਤੇ ਗਏ।

## ਅਮਰੀਕਾ ਵਿੱਚ 1 ਅਕਤੂਬਰ ਨੂੰ 80,000 ਗ੍ਰੀਨ ਕਾਰਡ ਵੰਡੇ ਨਾ ਜਾ ਸਕਣ ਕਾਰਨ ਬੇਕਾਰ ਹੋ ਗਏ




ਵਾਸ਼ਿੰਗਟਨ, 10 ਅਕਤੂਬਰ (ਪੋਸਟ ਬਿਊਰੋ)- ਹਜ਼ਾਰਾਂ ਭਾਰਤੀ ਟੈਕਨਾਲੋਜੀ ਪੇਸ਼ੇਵਰਾਂ ਨੂੰ ਗ੍ਰੀਨ ਕਾਰਡ ਦੇਣ ਵਿੱਚ ਦੇਰੀ ਹੋਣਾ ਭਾਰਤੀ-ਅਮਰੀਕੀਆਂ ਅਤੇ ਇੱਥੇ ਰਹਿੰਦੇ ਉਨ੍ਹਾਂ ਦੇ ਡਿਪੈਂਡੈਂਟ ਬੱਚਿਆਂ ਦੀ ਚਿੰਤਾ ਦਾ ਵੱਡਾ ਕਾਰਨ ਹੈ। ਇਸ ਤਰ੍ਹਾਂ ਦ ਪ੍ਰਕਿਰਿਆ ਵਿੱਚ ਕਈ ਦਹਾਕੇ ਲੱਗ ਜਾਂਦੇ ਹਨ। ਅਜਿਹੇ ਸਖਤ ਹਾਲਾਤ ਵਿੱਚ ਅਮਰੀਕਾ ਵਿੱਚ ਇੱਕ ਅਕਤੂਬਰ ਨੂੰ ਲਗਭਗ 80,000 ਅਣਵਰਤੇ ਰੋਜ਼ਗਾਰ-ਆਧਾਰਤ ਗਰੀਨ ਕਾਰਡ, ਜਿਨ੍ਹਾਂ ਨੂੰ ਅਧਿਕਾਰਤ ਤੌਰ ਉੱਤੇ ਕਾਨੂੰਨੀ ਸਥਾਈ ਨਿਵਾਸੀ ਕਿਹਾ ਜਾਂਦਾ ਹੈ, ਬੇਕਾਰ ਹੋ ਚੁੱਕੇ ਹਨ ਅਤੇ ਇਹ ਬਰਬਾਦੀ ਇਸ ਲਈ ਹੋਈ ਕਿ ਯੂ ਐਸ ਸਿਟੀਜਨਸ਼ਿਪ ਐਂਡ ਇਮੀਗਰੇਸ਼ਨ ਸਰਵਿਸਿਜ਼ (ਯੂ ਐਸ, ਸੀ ਆਈ ਐਸ) ਗਰੀਨ ਕਾਰਡ ਦੀ ਉਡੀਕ ਕਰ ਰਹੇ ਲੱਖਾਂ ਲੋਕਾਂ ਨੂੰ ਇਹ ਕਾਰਡ ਦੇਣ ਵਿੱਚ ਅਸਮਰਥ ਰਹੀ ਅਤੇ ਇਹ ਕਾਰਡ ਤਰੀਕ ਲੰਘਣ ਕਾਰਨ ਬੇਕਾਰ ਹੋ ਗਏ ਹਨ।

ਕਈ ਦਹਾਕਿਆਂ ਤੋਂ ਗ੍ਰੀਨ ਕਾਰਡ ਦੀ ਉਡੀਕ ਕਰਦੇ ਭਾਰਤੀ ਤਕਨਾਲੋਜੀ ਪੇਸ਼ੇਵਰਾਂ ਨੇ ਬਾਇਡੇਨ ਪ੍ਰਸ਼ਾਸਨ ਅਤੇ ਅਮਰੀਕੀ ਕਾਂਗਰਸ ਨੂੰ ਗਰੀਨ ਕਾਰਡ ਸਲਾਟ ਖਤਮ ਨਾ ਹੋਣ ਲਈ ਜ਼ਰੂਰੀ ਤਬਦੀਲੀ ਦੀ ਅਪੀਲ ਕੀਤੀ ਸੀ। ਇਸ ਹਫਤੇ ਦੇ ਸ਼ੁਰੂ ਵਿੱਚ ਕਾਂਗਰਸ ਮੈਂਬਰ ਮੈਰੀਐਂਨੈਟ ਮਿਲਰ-ਮੀਕਸ ਨੇ ਰੋਜ਼ਗਾਰ ਵੀਜ਼ਾ ਸੁਰੱਖਿਆ ਬਿੱਲ ਪੇਸ਼ ਕੀਤਾ ਸੀ, ਜਿਹੜਾ ਯੂ ਐਸ ਸੀ ਆਈ ਐਸ ਨੂੰ ਸਾਲ 2020 ਅਤੇ 2021 ਵਿੱਚ ਉਪਯੋਗ ਲਈ ਅਣਵਰਤਿਆ ਰੋਜ਼ਗਾਰ ਆਧਾਰ ਵੀਜ਼ਾ ਰਾਖਵਾਂ ਕਰਨ ਦੀ ਇਜਾਜ਼ਤ ਦੇਵੇਗਾ। ਇਸ ਤੋਂ ਪਹਿਲਾਂ ਵਿੱਤੀ ਸਾਲ 2020 ਵਿੱਚ ਕੁੱਲ 1,22,000 ਪਰਵਾਰ-ਤਰਜੀਹੀ ਵੀਜ਼ੇ ਅਣਵਰਤੇ ਰਹਿ ਗਏ ਸਨ।ਇਸ ਦੌਰਾਨ ਵ੍ਹਾਈਟ ਹਾਊਸ ਦੀ ਪ੍ਰੈਸ ਸੈਕਟਰੀ ਜੇਨ ਸਾਕੀ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਜੋਅ ਬਾਇਡੇਨ ਗਰੀਨ ਕਾਰਡ ਜਾਰੀ ਕਰਨ ਨਾਲ ਜੁੜੀ ਪ੍ਰਣਾਲੀ ਵਿੱਚ ਦੇਰੀ ਦੀ ਸਮੱਸਿਆ ਦੂਰ ਕਰਨਾ ਚਾਹੁੰਦੇ ਹਨ। ਇਸ ਲਈ ਯਤਨ ਕੀਤੇ ਜਾ ਰਹੇ ਦੱਸੇ ਗਏ ਹਨ।

## ਕੋਰੋਨਾ ਵੈਕਸੀਨ ਸਰਟੀਫਿਕੇਟ ਉੱਤੇ ਮੋਦੀ ਦੀ ਫੋਟੋ ਬਾਰੇ ਹਾਈ ਕੋਰਟ ਨੇ ਸਰਕਾਰ ਤੋਂ ਜਵਾਬ ਮੰਗਿਆ

ਨਵੀਂ ਦਿੱਲੀ, 10 ਅਕਤੂਬਰ (ਪੋਸਟ ਬਿਊਰੋ)- ਕੇਰਲ ਹਾਈ ਕੋਰਟ ਨੇ ਕੋਰੋਨਾ ਵੈਕਸੀਨ ਸਰਟੀਫਿਕੇਟ ਉੱਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਸਵੀਰ ਬਾਰੇ ਕੇਂਦਰ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ।

ਇਸ ਸੰਬੰਧ ਵਿੱਚ ਕੇਰਲ ਹਾਈ ਕੋਰਟ ਨੇ ਬੀਤੇ ਦਿਨੀਂ ਕੇਂਦਰ ਸਰਕਾਰ ਨੂੰ ਨੋਟਿਸ ਭੇਜ ਕੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਫੋਟੋ ਤੋਂ ਬਿਨਾਂ ਕੋਰੋਨਾ ਵੈਕਸੀਨੇਸ਼ਨ ਸਰਟੀਫਿਕੇਟ ਜਾਰੀ ਕਰਨ ਦੀ ਮੰਗ ਵਾਲੀ ਪਟੀਸ਼ਨ ਦਾ ਜਵਾਬ ਦੇਵੇ। ਕੋਟਾਯਾਮ ਦੇ ਵਸਨੀਕ ਐਮ ਪੀਟਰ ਨੇ ਦਲੀਲ ਦਿੱਤੀ ਕਿ ਇਹ ਵੈਕਸੀਨ ਸਰਟੀਫਿਕੇਟ ਆਮ ਨਾਗਰਿਕ ਦੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਕਰਦਾ ਹੈ ਅਤੇ ਉਸ ਨੇ ਪ੍ਰਧਾਨ ਮੰਤਰੀ ਮੋਦੀ ਦੀ ਫੋਟੋ ਤੋਂ ਬਿਨਾਂ ਸਰਟੀਫਿਕੇਟ ਦੀ ਮੰਗ ਕੀਤੀ ਹੈ। ਪਟੀਸ਼ਨ ਦਾਇਰ ਹੋਣ ਪਿੱਛੋਂ ਜਸਟਿਸ ਪੀ ਬੀ ਸੁਰੇਸ਼ ਕੁਮਾਰ ਨੇ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਦੋ ਹਫਤਿਆਂ ਦੇ ਅੰਦਰ ਆਪਣੇ ਵਿਚਾਰ ਪੇਸ਼ ਕਰਨ।

ਪਟੀਸ਼ਨਰ ਨੇ ਇਹ ਵੀ ਕਿਹਾ ਕਿ ਉਸ ਨੇ ਇਹ ਸਰਟੀਫਿਕੇਟ ਆਪਣੇ ਨਾਲ ਕਈ ਥਾਈਂ ਲੈ ਕੇ ਜਾਣਾ ਹੈ ਤੇ ਸਰਟੀਫਿਕੇਟ ਵਿੱਚ ਪ੍ਰਧਾਨ ਮੰਤਰੀ ਦੀ ਫੋਟੋ ਨਹੀਂ ਹੋਣੀ ਚਾਹੀਦੀ। ਇਸ ਲਈ ਸਰਕਾਰ ਚਾਹੇ ਤਾਂ ਲੋਕਾਂ ਨੂੰ ਬਿਨਾਂ ਫੋਟੋ ਦੇ ਸਰਟੀਫਿਕੇਟ ਲੈਣ ਦਾ ਹੱਕ ਦਿੱਤਾ ਜਾ ਸਕਦਾ ਹੈ। ਲੋਕ ਸੰਪਰਕ ਅਤੇ ਮੀਡੀਆ ਮੁਹਿੰਮ ਵਿੱਚ ਬਦਲ ਦਿੱਤਾ ਗਿਆ ਹੈ। ਇਸ ਤੋਂ ਇਹ ਪ੍ਰਭਾਵ ਮਿਲਦਾ ਹੈ ਕਿ ਇਹ ਇੱਕ ਮਨੁੱਖ ਦਾ ਪ੍ਰਦਰਸ਼ਨ ਹੈ ਅਤੇ ਸਮੁੱਚੀ ਮੁਹਿੰਮ ਵਿੱਚ ਇੱਕ ਵਿਅਕਤੀ ਨੂੰ ਪੇਸ਼ ਕਰਨਾ ਹੈ।

## ਚੀਨ ਨੇ ਕਿਹਾ: ਤਾਈਵਾਨ ਵਿੱਚ ਬਾਹਰੀ ਦਖਲ ਬਰਦਾਸ਼ਤ ਨਹੀਂ

ਬੀਜਿੰਗ, 10 ਅਕਤੂਬਰ (ਪੋਸਟ ਬਿਊਰੋ)- ਚੀਨ ਦੇ ਰਾਸ਼ਟਰਪਤੀ ਸ਼ੀ ਜ਼ਿਨਫਿੰਗ ਨੇ ਸਪੱਸ਼ਟ ਕਰ ਦਿੱਤਾ ਕਿ ਤਾਈਵਾਨ ਦਾ ਮਸਲਾ ਸੁਲਝਾਇਆ ਜਾਏਗਾ ਤੇ ਇਸ ਵਿੱਚ ਕੋਈ ਬਾਹਰੀ ਦਖਲ ਬਰਦਾਸ਼ਤ ਨਹੀਂ ਹੋਵੇਗਾ।

ਇਸ ਸੰਬੰਧ ਵਿੱਚ ਚੀਨ ਦੇ ਰਾਸ਼ਟਰਪਤੀ ਸ਼ੀ ਜ਼ਿਨਫਿੰਗ ਨੇਕਿਹਾ, ਤਾਈਵਾਨ ਦਾ ਏਕੀਕਰਨ ਸ਼ਾਂਤੀਪੂਰਨ ਢੰਗ ਨਾਲ ਹੋਵੇ ਤਾਂ ਸਾਰਿਆਂ ਦੇ ਹਿੱਤ ਵਿੱਚ ਹੋਵੇਗਾ, ਪਰ ਇਸ ਵਿੱਚ ਫੌਜ ਦੇ ਵਰਤੋਂ ਦੀ ਧਮਕੀ ਦੇਣ ਤੋਂ ਵੀ ਉਹ ਨਹੀਂ ਰੁਕੇ। ਉਨ੍ਹਾ ਨੇ ਇਹ ਬਿਆਨ ਤਾਈਵਾਨ ਨੂੰ ਚੀਨ ਵਿੱਚ ਸ਼ਾਮਲ ਕੀਤੇ ਜਾਣਬਾਰੇ ਦਿੱਤਾ ਹੈ। ਚੀਨ ਤਾਈਵਾਨ ਨੂੰ ਆਪਣਾ ਹਿੱਸਾ ਮੰਨਦਾ ਹੈ, ਪਰ ਤਾਈਵਾਨ ਖੁਦ ਨੂੰ ਆਜ਼ਾਦ ਦੇਸ਼ ਮੰਨਦਾ ਅਤੇ ਉਸੇ ਹਿਸਾਬ ਨਾਲ ਸਰਗਰਮੀਆਂ ਚਲਾਉਂਦਾ ਹੈ।

ਚੀਨੀ ਰਾਸ਼ਟਰਪਤੀ ਦਾ ਇਹ ਬਿਆਨ ਅਮਰੀਕਾ ਦੇ ਲਈ ਚੁਣੌਤੀ ਹੈ, ਜਿਹੜਾ ਤਾਈਵਾਨ ਦੀ ਖੁਦਮੁਖਤਿਆਰੀ ਕਾਇਮ ਰੱਖਣ ਦਾ ਦਾਅਵਾ ਕਰਦਾ ਹੈ। ਬੀਤੇ ਦਿਨੀਂ ਚੀਨ ਦੇ ਲੜਾਕੂ ਜਹਾਜ਼ਾਂ ਨੇ 150 ਤੋਂ ਵੱਧ ਵਾਰ ਤਾਈਵਾਨ ਦੀ ਹਵਾਈ ਸੀਮਾ ਦਾ ਉਲੰਘਣ ਕੀਤਾ ਸੀ। ਤਦ ਅਮਰੀਕੀ ਰਾਸ਼ਟਰਪਤੀ ਜੋਅ ਬਾਇਡੇਨ ਨੇ ਜ਼ਿਨਫਿੰਗ ਨਾਲ ਟੈਲੀਫੋਨ ਉੱਤੇ ਗੱਲ ਕੀਤੀ ਅਤੇ ਦਾਅਵਾ ਕੀਤਾ ਸੀ ਕਿ ਦੋਵੇਂ ਧਿਰਾਂ ਤਾਈਵਾਨ ਨੀਤੀ ਦੇ ਪਾਲਣ ਲਈ ਸਹਿਮਤ ਹਨ, ਪਰ ਜ਼ਿਨਫਿੰਗ ਦਾ ਤਾਜ਼ਾ ਬਿਆਨ ਬਾਈਡੇਨ ਦੇ ਦਾਅਵੇ ਦੇ ਉਲਟ ਹੈ।

## ਆਈ ਐਸ ਵਾਲੇ ਮਾਮਲੇ ਵਿੱਚ ਅਮਰੀਕਾ ਦੀ ਮਦਦ ਤੋਂ ਤਾਲਿਬਾਨ ਦਾਇਨਕਾਰ



ਇਸਲਾਮਾਬਾਦ, 10 ਅਕਤੂਬਰ (ਪੋਸਟ ਬਿਊਰੋ)- ਬੰਦੂਕ ਦੇ ਜ਼ੋਰਨਾਲ ਅਫਗਾਨਿਸਤਾਨ ਉੱਤੇ ਕਾਬਜ਼ ਹੋਏ ਤਾਲਿਬਾਨ ਨੇ ਆਈ ਐਸ ਅਤੇ ਹੋਰ ਅੱਤਵਾਦੀ ਸੰਗਠਨਾਂ ਉੱਤੇ ਰੋਕ ਲਾਉਣ ਵਿੱਚ ਅਮਰੀਕਾ ਦੀ ਮਦਦ ਕਰਨ ਦੀਆਂ ਸੰਭਾਵਨਾਵਾਂ ਨੂੰ ਕੱਲ੍ਹ ਸਿਰੇ ਤੋਂ ਰੱਦ ਕਰ ਦਿੱਤਾ ਹੈ, ਜਿਸ ਨਾਲ ਅਮਰੀਕਾ ਨੂੰ ਝਟਕਾ ਲੱਗਾ ਹੈ।

ਅਫਗਾਨਿਸਤਾਨ ਤੋਂ ਅਗਸਤ ਵਿੱਚ ਅਮਰੀਕੀ ਫੌਜ ਦੀ ਵਾਪਸੀ ਪਿੱਛੋਂ ਪਹਿਲੀ ਵਾਰ ਦੋਵਾਂ ਧਿਰਾਂ ਵਿਚਾਲੇ ਹੋਈ ਇਸ ਸਿੱਧੀ ਗੱਲਬਾਤ ਤੋਂ ਪਹਿਲਾਂ ਤਾਲਿਬਾਨ ਨੇ ਸਖਤ ਰੁਖ਼ ਧਾਰਨ ਕੀਤਾ ਹੈ। ਅਮਰੀਕਾ ਤੇ ਤਾਲਿਬਾਨ ਦੇ ਨੁਮਾਇੰਦਿਆਂ ਵਿਚਾਲੇ ਕਤਰ ਦੀ ਰਾਜਧਾਨੀ ਦੋਹਾ ਵਿੱਚ ਹੋ ਰਹੀ ਦੋ ਦਿਨਾਂ ਗੱਲਬਾਤ ਮੌਕੇ ਅਮਰੀਕਾ ਨੇ ਸਪੱਸ਼ਟ ਕਰ ਦਿੱਤਾ ਕਿ ਇਹ ਗੱਲਬਾਤ ਤਾਲਿਬਾਨ ਸਰਕਾਰ ਨੂੰ ਮਾਨਤਾ ਦੇਣ ਵਾਲੀ ਸ਼ੁਰੂਆਤ ਨਹੀਂ ਹੈ।ਦੋਵਾਂ ਧਿਰਾਂ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਗੱਲਬਾਤ ਦੌਰਾਨ ਅੱਤਵਾਦੀ ਸੰਗਠਨਾਂ ਉੱਤੇ ਨਕੇਲ ਕੱਸਣ ਤੇ ਅਫਗਾਨਿਸਤਾਨ ਤੋਂ ਵਿਦੇਸ਼ੀ ਤੇ ਅਫਗਾਨ ਨਾਗਰਿਕਾਂ ਦੀ ਨਿਕਾਸੀ ਸਣੇ ਕਈ ਹੋਰ ਮੁੱਦਿਆਂ ਉੱਤੇ ਚਰਚਾ ਹੋ ਰਹੀ ਹੈ। ਤਾਲਿਬਾਨ ਨੇ ਨਿਕਾਸੀ ਦੇ ਮੁੱਦੇ ਉੱਤੇ ਲਚਕੀਲਾ ਰੁਖ਼ ਰੱਖਣ ਦੇ ਸੰਕੇਤ ਦਿੱਤੇ ਹਨ। ਉਨ੍ਹਾ ਦੇ ਰਾਜਨੀਤਕ ਬੁਲਾਰੇ ਸੁਹੇਲ ਸ਼ਾਹੀਨ ਨੇ ਦੱਸਿਆ ਕਿ ਅਫਗਾਨਿਸਤਾਨ ਵਿੱਚ ਤੇਜ਼ੀ ਨਾਲ ਸਰਗਰਮ ਹੋ ਰਹੇ ਇਸਲਾਮਕ ਸਟੇਟ (ਆਈ ਐਸ) ਗਰੁੱਪ ਦੇ ਸੰਗਠਨਾਂ ਬਾਰੇ ਅਸੀਂ ਅਮਰੀਕਾ ਨੂੰ ਕੋਈ ਸਹਿਯੋਗ ਨਹੀਂ ਦੇਵਾਂਗੇ, ਅਸੀਂ ਆਈ ਐਸ ਨਾਲ ਆਪਣੇ ਦਮ ਉੱਤੇ ਨਜਿੱਠ ਸਕਦੇ ਹਾਂ।

ਅਮਰੀਕਾ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਦੋਵਾਂ ਵਿੱਚ ਚੱਲਦੀ ਗੱਲਬਾਤ ਦਾ ਉਦੇਸ਼ ਤਾਲਿਬਾਨੀ ਆਗੂਆਂ ਤੋਂ ਇਹ ਵਾਅਦਾ ਲੈਣਾ ਹੋਵੇਗਾ ਕਿ ਉਹ ਅਮਰੀਕੀਆਂ ਅਤੇ ਹੋਰਨਾਂ ਵਿਦੇਸ਼ੀ ਨਾਗਰਿਕਾਂ, ਅਮਰੀਕੀ ਸਰਕਾਰ ਅਤੇ ਫੌਜ ਦੇ ਮਦਦਗਾਰ ਰਹੇ ਅਫਗਾਨ ਸਹਿਯੋਗੀਆਂ ਦੀ ਨਿਕਾਸੀ ਦੀ ਇਜਾਜ਼ਤ ਦੇਵੇਗਾ। ਤਾਲਿਬਾਨ ਨਾਲ ਇਹ ਗੱਲਬਾਤ ਇਸ ਲਈ ਵੀ ਅਹਿਮ ਹੈ ਕਿ ਅਮਰੀਕੀ ਉਪ ਵਿਦੇਸ਼ ਮੰਤਰੀ ਵੈਂਡੀ ਸ਼ਰਮਨ ਦੋ ਦਿਨ ਪਹਿਲਾਂ ਹੀ ਅਫਗਾਨਿਸਤਾਨ ਦੇ ਮੁੱਦੇ ਉੱਤੇ ਪਾਕਿਸਤਾਨੀ ਨਾਲ ਇਸਲਾਮਾਬਾਦ ਵਿੱਚ ਗੱਲਬਾਤ ਕਰ ਚੁੱਕੀ ਹੈ। ਆਈ ਐਸ ਪੂਰਬੀ ਅਫਗਾਨਿਸਤਾਨ ਵਿੱਚ 2014 ਤੋਂ ਸ਼ੀਆ ਮੁਸਲਮਾਨਾਂ ਨੂੰ ਨਿਸ਼ਾਨਾ ਬਣਾ ਰਹੀ ਹੈ ਅਤੇ ਅਮਰੀਕਾ ਲਈ ਵੀ ਖਤਰਾ ਹੈ। ਪਿੱਛੇ ਜਿਹੇ ਮਸਜਿਦ ਉੱਤੇਹਮਲੇ ਵਿੱਚ ਵੀ ਉਸ ਦੇ ਸੰਗਠਨ ਦਾ ਹੱਥ ਸੀ, ਜਿਸ ਵਿੱਚ ਘੱਟ ਗਿਣਤੀ ਸ਼ੀਆ ਭਾਈਚਾਰੇ ਦੇ 46 ਲੋਕ ਮਾਰੇ ਗਏ ਸਨ।


Century 21
President Realty Inc
Brokerage*
Independently Owned and Operated.



Jagdish Grewal
Sales Repersentative

ਓਂਟਾਰੀਓ ਦੇ ਕਿਸੇ ਵੀ ਸ਼ਹਿਰ ਵਿਚ ਪ੍ਰਾਪਰਟੀ ਖਰੀਦਣ ਲਈ ਕਾਲ ਕਰੋ

Call Now: (416)-970-5005




Sandalwood & Kennedy
ਬਹੁਤ ਹੀ ਖੂਬਸੂਰਤ detached ਘਰ 3 ਬੈੱਡਰੂਮ, 1 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ , ਸਕੂਲ, ਪਬਲਿਕ ਬੱਸ ਸਰਵਿਸ ਅਤੇ ਪਲਾਜ਼ਾ ਦੇ ਨੇੜੇ!

Bramalea & Peter Robertson
3 ਬੈੱਡਰੂਮ semi-detached ਘਰ ਦੇ ਵਿਚਕਾਰ ਬਿਲਟ ਇਨ ਕਿਚਨ ,ਗਰੇਨਾਇਟ ਕਾਊਂਟਰ, ਵੂਲਫ ਗੈਸ ਸਟੋਵ, ਬਹੁਤ ਹੀ ਸੁੰਦਰ ਗਾਰਡਨ ਅਤੇ ਬੈਕਯਾਰਡ ਏਰੀਆ ਪ੍ਰਾਈਮ ਲੋਕੇਸ਼ਨ, ਪਬਲਿਕ ਬੱਸ ਸਰਵਿਸ, ਹਸਪਤਾਲ, ਸਕੂਲ ਅਤੇ ਪਲਾਜ਼ਾ ਦੇ ਨੇੜੇ.

Bovaird & Royal Orchard
3 ਬੈੱਡਰੂਮ ਟਾਊਨ ਹਾਊਸ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਪਹਿਲੀ ਵਾਰ ਘਰ ਖਰੀਦਣ ਵਾਲਿਆ ਲਈ ਵਧੀਆ ਮੌਕਾ

Bovaird & Bramlea Rd
3 +1 ਬੈੱਡਰੂਮ ਘਰ ਵੱਖਰੀ ਐਂਟਰੈਸ ਵਾਲੀ ਬਣੀ ਹੋਈ ਬੇਸਮੈਂਟ,ਵਾਕਆਊਟ ਵੱਡਾ ਯਾਰਡ ,ਨਵੀ ਕਿਚਨ,ਪੋਟ ਲਾਈਟਾਂ,ਫਾਈਰ ਪਲੇਸ




Bovaird & Worthington
4 ਬੈੱਡਰੂਮ, ਡੀਟੈਚਡ ਘਰ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਲੈਂਡਸਕੇਪ ਤੇ ਹਜ਼ਾਰਾਂ ਡਾਲਰ ਖਰਚ ਕੀਤੇ ਹੋਏ ,ਗਰੇਨਾਇਟ ਕਾਊਂਟਰ,ਪੋਟ ਲਾਈਟਾਂ,ਅੱਪਗਰੇਡ ਹਾਰਡਵੁਡ

Pertosa & WillamsParkway
4 +2 ਬੈੱਡਰੂਮ ਡੀਟੈਚਡ ਘਰ ,ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਪ੍ਰਾਈਮ ਲੋਕੇਸ਼ਨ ਅਤੇ ਪਲਾਜ਼ਾ ਦੇ ਨੇੜੇ

Gore & Cotrelle
3 ਬੈੱਡਰੂਮ, ਡੀਟੈਚਡ ਘਰ , 2000 sq.ft ,1 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ ,ਵੱਡਾ ਡੇਕ,ਕਾਫੀ ਅਪਗ੍ਰੇਡ ਕੀਤਾ ਮੋਡਰਨ ਕਿਚਨ ,ਪਾਰਕਿੰਗ ਲਈ ਖੁੱਲਾ ਗੈਰਾਜ

Bovaird & Hwy 410
4 ਬੈੱਡਰੂਮ ਡੀਟੈਚਡ ਘਰ, ਪਬਲਿਕ ਬੱਸ ਸਰਵਿਸ,ਸਕੂਲ,ਪਲਾਜ਼ਾ, 410/407 ਹਾਈਵੇ ਨੇੜੇ, ਅਪਗ੍ਰੇਡ ਕੀਤਾ ਮੋਡਰਨ ਕਿਚਨ

(416) 970-5005 www.vipcondonetwork.com

80 Maritime Ontario Blvd #246 Brampton, ON L6S 0E7 Call: 905-488-2100 Fax : 905-488-2101

Visions of Punjab

VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com

Natasha Mahal
Co-Host

Iqbal Mahal
Producer & Host

Serving the South Asian Community Since 1976

jobs! jobs! jobs! jobs! jobs!

DUNDAS·JAFINE

HELP WANTED
ਕਾਮਿਆਂ ਦੀ ਲੋੜ
ਜਨਰਲ ਲੇਬਰ ਦਾ ਕੰਮ ਉਪਲੱਬਧ ਹੈ

ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।

Afternoon and Midnight Shifts Available.

ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿੱਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੌਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ

ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton

Apply In Person to complete application in the Shipping Department

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 31 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative

Tel: 905.793.5777
416.802.5866
31 Melanie Dr. Unit #4 Brampton, ON L6T 5H8





SOLD
$1,399,999
CASTLEMORE/GOREWAY
ਬਰੈਂਪਟਨ ਵਿਚ ਬਹੁਤ ਹੀ ਸੋਹਣਾ ਅਤੇ ਸਾਫ਼ ਸੁਥਰਾ 3500-5000 ਵਰਗ ਦਾ 4 ਬੈੱਡਰੂਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ, ਫਾਰਮਲ ਲਿਵਿੰਗ, ਡਾਇਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੇਨ, ਅਪਗ੍ਰੇਡ ਕਿਚਨ ਅਤੇ ਗਰੇਨਾਈਟ ਕਾਊਂਟਰ ਟਾਪ, 2 ਫਰਿਜ, 2 ਸਟੋਵ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ


FOR SALE
$1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866


FOR SALE
$1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੇਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ



Dr. Randhawa Dentistry



Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

Dr. Samreet Kaur Randhawa
General Family Dentist


New Patients welcome
Deal Directly with all Insurance Companies

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111





## ਮਹਿਲਾ ਵਰਕਰ ਦੀ ਲੋੜ

ਬੱਚੇ ਦੀ ਦੇਖਭਾਲ ਅਤੇ ਘਰ ਦੇ ਹਰ ਕੰਮ ਲਈ ਤਜਰਬੇਕਾਰ ਮਹਿਲਾ ਕਰਮਚਾਰੀ ਦੀ ਲੋੜ ਹੈ। ਵਿਦਿਆਰਥੀ ਇਸ ਨੌਕਰੀ ਲਈ ਅਰਜੀ ਨਾ ਦੇਣ। ਵਧੇਰੇ ਜਾਣਕਾਰੀ ਲਈ ਪ੍ਰਵੀਨ ਨਾਲ ਸੰਪਰਕ ਕਰੋ: **647-281-4454**


ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post


# CLASSIFIEDS


Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202



WWW.KULWINDERCHHINA.COM



KULWINDERCHHINA
BROKER
647.293.2327





Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

Sikh Ramgarhiya family seeking match for their son 29 years, 6ft. Masters in Computer Science, working as a Software developer in a US based company. Boy is a PR and well settled in Canada. Preference will be given to someone already in Canada. Please contact +1-613-769-2680 or +91-97799-21292.

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5’9” ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੈਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013

## ਲੜਕੀ ਦੀ ਲੋੜ

ਜੱਟ ਸਿੱਖ ਲੜਕਾ, 29, ਕੱਦ 5 ਫੁੱਟ, 9 ਇੰਚ, ਅਮਰੀਕਾ ਜੰਮਪਲ, ਸਾਰਾ ਪਰਿਵਾਰ ਵੈਲ ਸੈਟਲਡ, Residency doctor ਕਰ ਰਹੇ ਲੜਕੇ ਲਈ ਅਮਰੀਕਨ ਜਾਂ ਕੈਨੇਡੀਅਨ ਜੰਮਪਲ ਲੜਕੀ ਦੀ ਲੋੜ ਹੈ। ਸੰਪਰਕ:+12627165859, email: karan2@sbcglobal.net

Seeking a suitable match for their son, never married, 45 years, 6" tall, Fair, Ramdasia Gursikh, Amritdhari, Canadian citizen. Father class 1 retired officer and well settled family. Serious queries please respond on email sukhi_cancer@yahoo.com or Call 416-721-5191 (contact after 5 pm)

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11’’ ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com


Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ





Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ



STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ


ਹਰਜੀਤ ਧਨੋਆ

416.230.4000 • 647.409.1092
www.STARLANEPAINTING.com



ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)



A/Z CITY DRIVER WANTED
INNOVATION Transportation
- A/Z City Drivers Needed
- Good Pay and good Mileage
- Day, Afternoon & Weekend Shifts
- Weekly Pay

$22 /Hour
- 7 Days Work
- All Shifts Available

Toronto ਤੇ Montreal ਲਈ ਵੀ ਡਰਾਇਵਰਾਂ ਦੀ ਲੋੜ ਹੈ
Call : 416- 268-9952
70 Delta Park Blvd, Unit # 4, Brampton



A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ


ਲੇਡੀ ਇੰਸਟ੍ਰਕਟਰ

647-998-7500 ਬਲਵਿੰਦਰ



(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca



WORK MATCH INC.
ਲੈਂਡਸਕੇਪ ਕਾਮਿਆਂ ਦੀ ਲੋੜ
ਫੁਲਟਾਈਮ, ਪਰਮਾਨੈਂਟ ਕਾਮਿਆਂ ਦੀ ਲੋੜ
- ਡਰਾਈਵਿੰਗ ਲਾਈਸੈਂਸ ਹੋਣਾ ਚਾਹੀਦਾ ਹੈ।
- ਕੰਮ ਕਰਨ ਦਾ ਥੋੜ੍ਹਾ-ਬਹੁਤ ਤਜਰਬਾ ਹੋਵੇ।
- ਤਨਖਾਹ 15.50 ਤੋਂ 16.50 ਡਾਲਰ ਪ੍ਰਤੀ ਘੰਟਾ ਦਿੱਤੀ ਜਾਵੇਗੀ।



ਹੁਣੇ ਅਪਲਾਈ ਕਰੋ: +1(416) 473-9677
info@worksmatch.com
www.worksmatch.com







Chapel Ridge
FUNERAL HOME
& CREMATION CENTRE

ਭਾਰਤੀ, ਪੰਜਾਬੀ ਅਤੇ ਸਿੱਖ ਭਾਈਚਾਰੇ ਲਈ ਮਾਰਖਮ, ਰਿਚਮੰਡ ਹਿੱਲ ਅਤੇ ਸਕਾਰਬਰੋਅ ਅਤੇ ਆਸ ਪਾਸ ਇਲਾਕਿਆਂ ਲਈ ਵਧੀਆ ਅਧੁਨਿਕ ਸੇਵਾਵਾਂ ਅਤ ਵਾਜਬ ਕੀਮਤ ਤੇ ਫਿਊਨਰਲ ਸਰਵਿਸ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ

- ਅਸੀਂ ਪਿਛਲੇ 20 ਸਾਲ ਤੋਂ ਸਿੱਖ ਭਾਈਚਾਰੇ ਲਈ ਅੰਤਿਮ ਸੰਸਕਾਰ ਦੀ ਸਹੂਲਤ
- ਅੰਤਿਮ ਸੰਸਕਾਰ ਸੇਵਾਵਾਂ ਸਿੱਖ ਮਰਿਯਾਦਾ ਅਨੁਸਾਰ ਕੀਤੀਆਂ ਜਾਂਦੀਆਂ ਹਨ
- ਭਾਈਚਾਰੇ ਦੀ ਸਹੂਲਤ ਲਈ ਮਿਸੀਸਾਗਾ ਵਿੱਚ ਸ਼ਮਸ਼ਾਨ ਘਾਟ ਦੇ ਨਾਲ ਧਾਰਮਿਕ ਸੰਸਕਾਰਾਂ ਲਈ ਵਿਸ਼ਾਲ ਹਾਲ



2 ਘੰਟੇ ਦੇ ਲਈ ਵਿਸ਼ੇਸ਼ ਪੈਕੇਜ ਸਿਰਫ $4270 ਵਿੱਚ

[ ਜਿਸ ਵਿੱਚ ਕੈਸਕੇਟ (ਕਫ਼ਣ ਦਾ ਸਮਾਨ ਤੇ ਬੌਕਸ) ਸਾਰੇ ਲੋੜੀਂਦੇ ਦਾਸਤਵੇਜ਼ (ਡੈਥ ਸਰਟੀਫਿਕੇਟ) ਸਟਾਫ ਸਹੂਲਤ / ਵਾਹਨ ਫੀਸ / ਸਸਕਾਰ ਦੀ ਫੀਸ / ਗਵਾਹੀ ਫੀਸ, ਸਰਕਾਰੀ ਫੀਸ ਅਤੇ ਹੋਰ ਨਿਯਿਮਤਿ ਫੀਸਾਂ ਸ਼ਾਮਲ ਹਨ ]



ਸਰਕਾਰੀ ਲਾਇਸੈਂਸਸ਼ੁਦਾ ਫਿਊਨਰਲ ਹੋਮ
ਡਰਾਇਕਟਰ (ਨਿਰਦੇਸ਼ਕ) :ਸ: ਹਰਜਿੰਦਰ ਸਿੰਘ ਬਿਲਖੂ
647-966-0093
ਅਸੀਂ ਪੰਜਾਬੀ, ਹਿੰਦੀ, ਗੁਜਰਾਤੀ, ਉਰਦੂ ਅਤੇ ਸਵਾਹਿਲੀ ਭਾਸ਼ਵਾਂ ਬੋਲਦੇ ਹਾਂ
8911 Woodbine Ave., Markham (ਸਿਰਫ ਹਾਈਵੇ 7 ਤੋਂ 4 ਬਲਾਕ ਦੀ ਦੂਰੀ ਤ)
info@chapelridge fh.com • www.chapelridgefh.com



Other Realtors only Promise
But JAG AUJLA SOLD YOUR HOME WITH
GUARANTEE

Advertisement GUARANTEED Till SOLD

Top 1% Broker
Call For a Quick & Free Home Evaluation
www.BramptonQuickHomeEvaluation.com

JAG AUJLA
REAL ESTATE BROKER
DIR: 416-371-7777
j.aujla@rogers.com www.jagaujla.com
RE/MAX Realty Specialist Inc., Brokerage (Independently Owned and Operated) Off: 905-456-3232
www.BramptonTopRelator.com

**2016,2015,2014,2013 2012,2011,2010) **(2009,2008) **RE/MAX International **(2010) **(2014)

ਘਰਾਂ ਦੀਆਂ ਨਵੀਆਂ ਲਿਸਟਿੰਗਾਂ (Listings) ਦੀ ਬਹੁਤ ਲੋੜ ਹੈ

CALEDON




ਕੈਨੇਡੀ / ਦੂੱਗਲ

ਬਰੈਂਡ ਨੀਊ ਘਰ ਸੈਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਡਰੂਮ ਅਤੇ 4 ਵਾਸ਼ਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ। ਡਾਇਨਿੰਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੁਡ ਫਲੋਰ, ਓਕ ਸਟਰੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਉਂਟਰ ਟਾਪ। ਮੈਨ ਫਲੋਰ ਲਾਂਡਰੀ ਹੈ। ਵੱਧੇਰੀ ਜਾਣਕਾਰੀ ਲਈ ਜੇਗ ਔਜਲਾ ਨਾਲ 416-371-7777 ਤੇਂ ਸੰਪਰਕ ਕਰ ਸਕਦੇ ਹੋ।

BRAMPTON



$1,999,905 ਕੈਸਲਮੋਰ/ਗੋਰਵੇ

ਕੈਸਲਮੋਰ/ਗੋਰਵੇ ਦੇ ਏਰੀਆ ਵਿਚ 4551 ਸਕੇਅਰ ਫੁੱਟ, 60 ਫੁਟ ਦੀ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 5 ਬੈਡਰੂਮ, 5 ਵਾਸ਼ਰੂਮ, ਇਕ ਆਫਿਸ,ਅਪਗ੍ਰੇਡਡ ਕਿਚਨ ਵਿਦ ਕਾਊਂਟਰ ਟਾਪ, 3 ਬੈਡਰੂਮ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੈਂਸ ਹੈ। 9 ਫੁੱਟ ਦੀ ਸੀਲਿੰਗ, ਮੇਨ ਫਲੋਰ ਉਤੇ ਹਾਰਡਵੁੱਡ, ਸਟੇਨਡ ਓਕ ਸਟੇਅਰਕੇਸ, ਡਬਲ ਡੋਰ ਐਂਟਰੀ। ਦੂਸਰੀ ਮੰਜ਼ਲ ਉਤੇ ਲਾਊਂਡਰੀ। ਘਰ ਦੇ ਅੱਗੇ ਕੋਈ ਸਾਈਡ ਵਾਕ ਨਹੀਂ ਅਤੇ ਹੋਰ ਵੀ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ।

BRAMPTON




$ 1,199,905 Bramlea Rd./Bovaird Dr.

2600 ਸਕੇਅਰ ਫੁੱਟ ਦਾ 45 ਫੁੱਟ ਦੀ ਲਾਟ ਦਾ ਡੀਟੈਚਡ ਘਰ, ਡਬਲ ਡੋਰ ਐਂਟਰੀ, 4 ਬੈਂਡਰੂਮ, 3 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, 2 ਲਾਂਡਰੀ, ਅਪਗ੍ਰੇਡਡ ਕਿਚਨ, ਅਪਗ੍ਰੇਡਡ ਰੂਫ ਅਤੇ ਵੁੱਡ ਫਲੋਰ ਤੇ ਹੋਰ ਸਾਰੀਆਂ ਸਹੂਲਤਾਂ ਦੇ ਨਜ਼ਦੀਕ।

ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777

BRAMPTON




$749,905
William /Vodden /Main

3 ਬੈਡਰੂਮ, 2 ਵਾਸ਼ਰੂਮ ਦਾ ਬਹੁਤ ਸੋਹਣਾ ਘਰ, ਜਿਸ ਵਿਚ 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, ਪਿਛਲੇ ਸਾਲ ਹੀ ਸਾਰਾ ਘਰ ਅਪਗ੍ਰੇਡ ਕੀਤਾ ਗਿਆ ਹੈ। ਸਕੂਲ, ਪਲਾਜ਼ਾ ਅਤੇ ਬੱਸ ਸਟਾਪ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਹੈ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨੇੜੇ।

BRAMPTON




34 Winterfold Dr
CREDITVIEW & BOVAIRD
(MOUNT PLEASANT)

ਖੁੱਲ੍ਹਾ ਅਤੇ ਸ਼ਾਨਦਾਰ 2 ਮੇਨ ਐਂਟਰੈਂਸ ਵਾਲਾ ਘਰ, ਡਬਲ ਕਾਰ ਗਰਾਜ, ਓਪਨ ਕੰਸੈਪਟ ਕਿਚਨ ਬੈਕਸਪਲੈਸ ਦੇ ਨਾਲ, ਖੁੱਲ੍ਹਾ ਮਾਸਟਰ ਬੈਂਡਰੂਮ ਇਨਸੂਟ ਵਾਸ਼ਰੂਮ ਅਤੇ ਵਾਕਇਨ ਕਲਾਜ਼ਿਟ ਦੇ ਨਾਲ। 2 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ, ਖੁੱਲ੍ਹਾ ਡੁੱਲ੍ਹਾ ਬੈਕਯਾਰਡ। ਘਰ 2 ਵੱਖ-ਵੱਖ ਪਰਿਵਾਰਾਂ ਨੂੰ ਕਿਰਾਏ ਉਤੇ ਦਿੱਤਾ ਜਾ ਸਕਦਾ ਹੈ।




Orangeville Ontario L9W3X5

Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777